ਰੋਜ਼ਾਨਾ
# ਨਿਊਜ਼ਲਾਈਨ ਐਕਸਪ੍ਰੈਸ
Website: newslineexpres.com ਪਟਿਆਲਾ
Editor Ashok Verma
Newsline Express, Patiala
Email: newslineexpress@gmail.com
RNI NO. 64852 ਰਜਿ. ਨੰ : 64852 * Year : 32 ਸਾਲ : 32 No * ਅੰਕ 125 * Date 4 June 2026 THURSDAY ਮਿਤੀ 4 ਜੂਨ 2026 ਦਿਨ ਵੀਰਵਾਰ * ਮੁੱਲ 5 ਰੁਪਏ * ਮੋਬਾਇਲ 90234-56700


ਖ਼ਬਰ ਸਫ਼ਾ 3 'ਤੇ


ਖ਼ਬਰ ਸਫ਼ਾ 3 'ਤੇ

## ਅੰਮ੍ਰਿਤਸਰ 'ਚ ਹਥਿਆਰ ਦੀ ਤਸਕਰੀ ਦਾ ਪਰਦਾਫ਼ਾਸ਼ ਹੈਰੋਇਨ ਤੇ ਪਿਸਤੌਲਾਂ ਸਣੇ 2 ਮੁਲਜ਼ਮ ਗ੍ਰਿਫ਼ਤਾਰ

*- ਨਿਊਜ਼ਲਾਈਨ ਐਕਸਪ੍ਰੈਸ -*

**ਅੰਮ੍ਰਿਤਸਰ** - ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇਕ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਸ ਦੌਰਾਨ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਲਜ਼ਮਾਂ ਕੋਲੋਂ 2.225 ਕਿਲੋਗ੍ਰਾਮ ਹੈਰੋਇਨ, 6 ਆਧੁਨਿਕ ਪਿਸਤੌਲ ਅਤੇ 12 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਸਰਹੱਦ ਪਾਰ ਤਸਕਰਾਂ ਦੇ ਸੰਪਰਕ ਵਿੱਚ ਸਨ ਅਤੇ ਕਥਿਤ ਤੌਰ 'ਤੇ ਪੰਜਾਬ ਵਿੱਚ ਅਪਰਾਧਿਕ ਤੱਤਾਂ ਨੂੰ ਅੱਗੇ ਵੰਡਣ ਲਈ ਹੈਰੋਇਨ ਦੀ ਖੇਪ ਪ੍ਰਾਪਤ ਕਰ ਰਹੇ ਸਨ। ਪੁਲਸ ਥਾਣਾ ਛੇਹਰਟਾ ਅਤੇ ਛਾਉਣੀ, ਅੰਮ੍ਰਿਤਸਰ ਵਿਖੇ ਐੱਫ. ਆਈ. ਆਰ. ਦਰਜ ਕੀਤੀਆਂ ਗਈਆਂ ਹਨ। ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਕਰਨ ਅਤੇ ਪੂਰੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਜਾਂਚ ਜਾਰੀ ਹੈ। ਪੰਜਾਬ ਪੁਲਸ ਨਸ਼ਿਆਂ, ਗੈਰ-ਕਾਨੂੰਨੀ ਹਥਿਆਰਾਂ ਅਤੇ ਸੰਗਠਿਤ ਅਪਰਾਧ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਪ੍ਰਤੀ ਦ੍ਰਿੜਤਾ ਨਾਲ ਵਚਨਬੱਧ ਹੈ।




ਇਸ ਸਬੰਧੀ ਜਾਣਕਾਰੀ ਦਿੰਦੇ ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸੁਖਦੇਵ ਸਿੰਘ ਉਰਫ਼ ਸੁੱਖ ਅਤੇ ਹਰਜਿੰਦਰ ਸਿੰਘ ਉਰਫ਼ ਜਿੰਦਰ ਵਜੋਂ ਹੋਈ ਹੈ। ਦੋਵੇਂ ਅੰਮ੍ਰਿਤਸਰ ਦਿਹਾਤੀ ਖੇਤਰ ਦੇ ਰਹਿਣ ਵਾਲੇ ਹਨ।

ਪੁਲਸ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜ਼ਮ ਪਾਕਿਸਤਾਨ ਆਧਾਰਿਤ ਤਸਕਰਾਂ ਦੇ ਸੰਪਰਕ 'ਚ ਸਨ ਅਤੇ ਡਰੋਨ ਰਾਹੀਂ ਭੇਜੀਆਂ ਜਾਣ ਵਾਲੀਆਂ ਹੈਰੋਇਨ ਅਤੇ ਹਥਿਆਰਾਂ ਦੀਆਂ ਖੇਪਾਂ ਨੂੰ ਸਰਹੱਦ ਨੇੜੇ ਤੈਅ ਥਾਵਾਂ ਤੋਂ ਚੁੱਕ ਕੇ ਅੱਗੇ ਸਪਲਾਈ ਕਰਦੇ ਸਨ।

## ਦਿੱਲੀ ਹੋਟਲ 'ਚ ਲੱਗੀ ਭਿਆਨਕ ਅੱਗ 17 ਵਿਦੇਸ਼ੀਆਂ ਸਣੇ 21 ਲੋਕਾਂ ਦੀ ਮੌਤ

*- ਨਿਊਜ਼ਲਾਈਨ ਐਕਸਪ੍ਰੈਸ -*

**ਨਵੀਂ ਦਿੱਲੀ** - ਦੱਖਣੀ ਦਿੱਲੀ ਦੇ ਮਾਲਵੀਆ ਨਗਰ ਇਲਾਕੇ ਵਿੱਚ ਬੁੱਧਵਾਰ ਸਵੇਰੇ ਇੱਕ ਹੋਟਲ ਵਿੱਚ ਵਾਪਰੇ ਭਿਆਨਕ ਅੱਗ ਦੇ ਹਾਦਸੇ ਵਿੱਚ 21 ਲੋਕਾਂ ਦੀ ਦਰਦਨਾਕ ਮੌਤ ਹੋ ਗਈ ਹੈ। ਮਰਨ ਵਾਲਿਆਂ ਵਿੱਚ 17 ਵਿਦੇਸ਼ੀ ਨਾਗਰਿਕ ਸ਼ਾਮਲ ਹਨ, ਜੋ ਮੁੱਖ ਤੌਰ 'ਤੇ ਲਾਇਬੇਰੀਆ, ਨਾਈਜੀਰੀਆ, ਮੋਜ਼ੰਬੀਕ ਅਤੇ ਬੰਗਲਾਦੇਸ਼ ਦੇ ਰਹਿਣ ਵਾਲੇ ਸਨ। ਜਾਣਕਾਰੀ ਅਨੁਸਾਰ ਮਾਲਵੀਆ ਨਗਰ ਸਥਿਤ 'ਫਲੋਰਿਸ਼ ਸਟੇਅ ਬੀ.ਐਂਡ.ਬੀ.' ਹੋਟਲ ਵਿੱਚ ਸਵੇਰੇ ਲਗਭਗ 8:48 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ। ਦਿੱਲੀ ਫਾਇਰ ਸਰਵਿਸ ਨੇ ਮੌਕੇ 'ਤੇ ਪਹੁੰਚ ਕੇ 39 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਬਚਾਅ ਕਾਰਜਾਂ ਦੌਰਾਨ ਦਿੱਲੀ ਪੁਲਸ ਦੇ 10 ਮੁਲਾਜ਼ਮਾਂ ਦੀ ਸਿਹਤ ਵੀ ਵਿਗੜ ਗਈ, ਜਿਨ੍ਹਾਂ ਨੂੰ ਏਮਜ਼ ਟਰਾਮਾ ਸੈਂਟਰ ਵਿੱਚ ਦਾਖਲ ਕਰਵਾਇਆ ਗਿਆ ਹੈ।



ਮੈਕਸ ਹੈਲਥਕੇਅਰ ਗਰੁੱਪ ਦੇ ਮੈਡੀਕਲ ਡਾਇਰੈਕਟਰ ਡਾਕਟਰ ਸੰਦੀਪ ਬੁਧੀਰਾਜਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਅੱਗ ਕਾਰਨ ਜ਼ਖਮੀ ਹੋਏ 8 ਮਰੀਜ਼ ਵੈਂਟੀਲੇਟਰ 'ਤੇ ਹਨ ਅਤੇ ਉਨ੍ਹਾਂ ਦੀ ਹਾਲਤ ਬੇਹੱਦ ਨਾਜ਼ੁਕ ਹੈ। ਉਨ੍ਹਾਂ ਦੱਸਿਆ ਕਿ ਜ਼ਿਆਦਾਤਰ ਮੌਤਾਂ ਅਤੇ ਸੱਟਾਂ ਧੂੰਏਂ ਕਾਰਨ ਦਮ ਘੁੱਟਣ ਕਰਕੇ ਹੋਈਆਂ ਹਨ। ਅੱਗ ਤੋਂ ਬਚਣ ਲਈ ਕਈ ਮਰੀਜ਼ਾਂ ਨੇ ਉਪਰਲੀਆਂ ਮੰਜ਼ਿਲਾਂ ਤੋਂ ਛਾਲਾਂ ਮਾਰ ਦਿੱਤੀਆਂ, ਜਿਸ ਕਾਰਨ ਉਨ੍ਹਾਂ ਦੀਆਂ ਹੱਡੀਆਂ ਟੁੱਟ ਗਈਆਂ ਅਤੇ ਕੁਝ ਦੀ ਰੀੜ੍ਹ ਦੀ ਹੱਡੀ 'ਤੇ ਗੰਭੀਰ ਸੱਟਾਂ ਲੱਗੀਆਂ ਹਨ।

## ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ 2 ਅਡੀਸ਼ਨਲ ਜੱਜਾਂ ਨੂੰ ਸਥਾਈ ਕਰਨ ਦੀ ਸਿਫ਼ਾਰਸ਼

*- ਨਿਊਜ਼ਲਾਈਨ ਐਕਸਪ੍ਰੈਸ -*

**ਚੰਡੀਗੜ੍ਹ** - ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਦੋ ਅਡੀਸ਼ਨਲ ਜੱਜਾਂ ਨੂੰ ਸਥਾਈ ਜੱਜ ਨਿਯੁਕਤ ਕਰਨ ਦੀ ਸਿਫ਼ਾਰਸ਼ ਸੁਪਰੀਮ ਕੋਰਟ ਕੋਲੇਜੀਅਮ ਨੇ ਕੇਂਦਰ ਨੂੰ ਭੇਜ ਦਿੱਤੀ ਹੈ। ਕੋਲੇਜੀਅਮ ਦੀ ਸਿਫ਼ਾਰਸ਼ ਤੋਂ ਬਾਅਦ ਹੁਣ ਅੰਤਿਮ ਫ਼ੈਸਲਾ ਕੇਂਦਰ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤੇ ਜਾਣ 'ਤੇ ਹੋਵੇਗਾ। ਜਸਟਿਸ ਐੱਚਐੱਸ ਗਰੇਵਾਲ ਤੇ ਜਸਟਿਸ ਦੀਪੇਂਦਰ ਸਿੰਘ ਨਲਵਾ ਨੂੰ ਪਿਛਲੇ ਸਾਲ ਫਰਵਰੀ 'ਚ ਅਡੀਸ਼ਨਲ ਜੱਜ ਵਜੋਂ ਨਿਯੁਕਤ ਕੀਤਾ ਗਿਆ ਸੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਜੱਜਾਂ ਦੀਆਂ ਕੁੱਲ 85 ਪੋਸਟਾਂ ਪ੍ਰਵਾਨਿਤ ਹਨ, ਜਿਨ੍ਹਾਂ ਵਿੱਚੋਂ 64 ਸਥਾਈ ਅਤੇ 21 ਅਹੁਦੇ ਅਸਥਾਈ ਜੱਜਾਂ ਦੇ ਹਨ। ਮੌਜੂਦਾ ਸਮੇਂ ਹਾਈ ਕੋਰਟ 'ਚ 20 ਸਥਾਈ ਤੇ 16 ਅਸਥਾਈ ਜੱਜਾਂ ਦੇ ਨਾਲ ਕੁੱਲ 56 ਜੱਜ ਕੰਮ ਕਰ ਰਹੇ ਹਨ। ਨਿਆਂਪਾਲਿਕਾ 'ਚ ਖਾਲੀ ਅਸਾਮੀਆਂ ਨੂੰ ਘਟਾਉਣ ਤੇ ਉੱਚ ਅਦਾਲਤਾਂ 'ਚ ਸਥਿਰਤਾ ਯਕੀਨੀ ਬਣਾਉਣ ਦੀ ਪ੍ਰਕਿਰਿਆ ਤਹਿਤ ਸੁਪਰੀਮ ਕੋਰਟ ਕੋਲੇਜੀਅਮ ਸਮੇਂ-ਸਮੇਂ 'ਤੇ ਅਡੀਸ਼ਨਲ ਜੱਜਾਂ ਦੇ ਕੰਮ, ਫ਼ੈਸਲਿਆਂ ਦੀ ਗੁਣਵੱਤਾ, ਕੇਸਾਂ ਦੇ ਨਿਪਟਾਰੇ ਦੀ ਦਰ ਤੇ ਸਮੁੱਚੇ ਸੇਵਾ ਰਿਕਾਰਡ ਦਾ ਮੁਲਾਂਕਣ ਕਰਦਾ ਹੈ। ਅਡੀਸ਼ਨਲ ਜੱਜਾਂ ਦੀ ਨਿਯੁਕਤੀ ਆਮ ਤੌਰ 'ਤੇ ਸੀਮਤ ਸਮੇਂ ਲਈ ਕੀਤੀ ਜਾਂਦੀ ਹੈ। ਇਸ ਤੋਂ ਬਾਅਦ ਉਨ੍ਹਾਂ ਦੇ ਕੰਮ ਦੀ ਕਾਰਗੁਜ਼ਾਰੀ ਤੇ ਸੇਵਾ ਰਿਕਾਰਡ ਦੀ ਸਮੀਖਿਆ ਦੇ ਆਧਾਰ 'ਤੇ ਉਨ੍ਹਾਂ ਨੂੰ ਸਥਾਈ ਜੱਜ ਬਣਾਇਆ ਜਾਂਦਾ ਹੈ। ਸਥਾਈ ਜੱਜ ਬਣਨ ਤੋਂ ਬਾਅਦ ਸਬੰਧਤ ਜੱਜਾਂ ਨੂੰ ਨਿਯਮਤ ਸੰਵਿਧਾਨਕ ਅਹੁਦੇ ਦਾ ਦਰਜਾ ਪ੍ਰਾਪਤ ਹੁੰਦਾ ਹੈ ਅਤੇ ਉਹ ਸੇਵਾਮੁਕਤੀ ਦੀ ਉਮਰ ਤਕ ਅਹੁਦੇ 'ਤੇ ਬਣੇ ਰਹਿ ਸਕਦੇ ਹਨ। ਹਾਲ ਹੀ ਵਿੱਚ ਸੁਪਰੀਮ ਕੋਰਟ ਕੋਲੇਜੀਅਮ ਨੇ ਹਾਈ ਕੋਰਟ ਦੀ ਨਿਆਇਕ ਸਮਰੱਥਾ ਵਧਾਉਣ ਲਈ 10 ਵਕੀਲਾਂ ਨੂੰ ਜੱਜ ਨਿਯੁਕਤ ਕਰਨ ਦੀ ਵੀ ਸਿਫ਼ਾਰਸ਼ ਕੀਤੀ ਸੀ।

## ਪੰਜਾਬ 'ਚ ਸਕੈਨ ਸੈਂਟਰ 'ਤੇ ਚੱਲੀਆਂ ਗੋਲੀਆਂ

*- ਨਿਊਜ਼ਲਾਈਨ ਐਕਸਪ੍ਰੈਸ -*

**ਨੂਰਪੁਰਬੇਦੀ** - ਨੂਰਪੁਰਬੇਦੀ ਸ਼ਹਿਰ ਵਿਚ ਇਕ ਬੰਦ ਪਏ ਸਕੈਨ ਸੈਂਟਰ 'ਤੇ ਅੰਨ੍ਹੇਵਾਹ ਅੱਧੀ ਰਾਤ ਨੂੰ ਫਾਇਰਿੰਗ ਕੀਤੀ ਗਈ ਸੀ। ਇਸ ਮਾਮਲੇ ਨੂੰ ਸੁਲਝਾਉਣ ਚ ਪੁਲਸ ਨੂੰ ਅਜੇ ਤੱਕ ਕੋਈ ਕਾਮਯਾਬੀ ਨਾ ਮਿਲਣ ਕਰਕੇ ਉਕਤ ਵਾਰਦਾਤ ਅਜੇ ਤੱਕ ਪੁਲਸ ਅਤੇ ਲੋਕਾਂ ਲਈ ਪਹੇਲੀ ਬਣੀ ਹੋਈ ਹੈ। ਜ਼ਿਕਰਯੋਗ ਹੈ ਕਿ 31 ਮਈ ਦੀ ਰਾਤ ਨੂੰ ਕਰੀਬ 3 ਵਜੇ ਨੂਰਪੁਰਬੇਦੀ-ਗੜ੍ਹਸ਼ੰਕਰ ਮੁੱਖ ਮਾਰਗ 'ਤੇ ਸਥਾਨਕ ਸਟੇਟ ਬੈਂਕ ਆਫ਼ ਇੰਡੀਆ ਦੇ ਸਾਹਮਣੇ ਬੰਦ ਪਏ ਇਕ ਸਕੈਨ ਸੈਂਟਰ 'ਤੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਨੌਜਵਾਨਾਂ ਵੱਲੋਂ ਇਕ ਦਰਜਨ ਤੋਂ ਵੀ ਵੱਧ ਫਾਇਰ ਕੀਤੇ ਗਏ ਸਨ। ਇਸ ਦੌਰਾਨ ਰਾਤ ਦਾ ਸਮਾਂ ਹੋਣ ਕਰਕੇ ਭਾਵੇਂ ਕੋਈ ਜਾਨੀ ਮਾਲੀ ਨੁਕਸਾਨ ਤਾਂ ਨਹੀਂ ਹੋਇਆ ਸੀ ਪਰ ਬੰਦ ਪਏ ਸਕੈਨ ਸੈਂਟਰ ਦੇ ਸ਼ਟਰਾਂ 'ਤੇ ਗੋਲ਼ੀਆਂ ਚਲਾਉਣ ਦੀ ਵਾਰਦਾਤ ਨੇ ਲੋਕਾਂ ਦੇ ਮਨਾਂ 'ਚ ਦਹਿਸ਼ਤ ਦਾ ਮਾਹੌਲ ਪੈਦਾ ਕਰਕੇ ਰੱਖ ਦਿੱਤਾ ਸੀ। ਉਕਤ ਵਾਰਦਾਤ ਭਾਵੇਂ ਰਾਤ ਨੂੰ ਤਿੰਨ ਵਜੇ ਵਾਪਰੀ ਸੀ ਪਰ ਪੁਲਸ ਨੂੰ 9 ਘੰਟਿਆਂ ਬਾਅਦ ਦੁਪਹਿਰ 12 ਵਜੇ ਲੋਕਾਂ ਤੋਂ ਸੂਚਨਾ ਮਿਲਣ 'ਤੇ ਇਸ ਦਾ ਪਤਾ ਚੱਲਿਆ ਸੀ। ਉਕਤ ਵਾਰਦਾਤ ਤੋਂ ਬਾਅਦ ਪੁਲਸ ਨੇ ਮੌਕੇ ਤੋਂ ਇਕ ਪਿਸਟਲ ਰਾਹੀਂ 12 ਚੱਲੇ ਹੋਏ ਕਾਰਤੂਸ ਬਰਾਮਦ ਕਰਨ ਉਪਰੰਤ ਤੇਜ਼ੀ ਨਾਲ ਜਾਂਚ ਆਰੰਭ ਕਰਨ ਦਾ ਦਾਅਵਾ ਕਰਦਿਆਂ ਇਸ ਮਾਮਲੇ ਚ ਕੁਝ ਅਣਪਛਾਤੇ ਵਿਅਕਤੀਆਂ ਨੂੰ ਵੀ ਅਸਲਾ ਐਕਟ ਅਤੇ ਹੋਰਨਾਂ ਧਰਾਵਾਂ ਤਹਿਤ ਨਾਮਜ਼ਦ ਕੀਤਾ ਸੀ।




ਖੇਤਰ 'ਚ ਇਕ ਥਾਣਾ ਅਤੇ ਦੋ ਪੁਲਸ ਚੌਕੀਆਂ ਹੋਣ ਦੇ ਬਾਵਜੂਦ ਉਕਤ ਅਨਸਰਾਂ ਵੱਲੋਂ ਬਚ ਕੇ ਨਿਕਲ ਜਾਣਾ ਜਿੱਥੇ ਪੁਲਸ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰਦਾ ਹੈ, ਉੱਥੇ ਹੀ ਚਾਰ ਦਿਨ ਦਾ ਸਮਾਂ ਬੀਤ ਜਾਣ 'ਤੇ ਵੀ ਮੁਲਜ਼ਮਾਂ ਦੇ ਗ੍ਰਿਫ਼ਤ 'ਚ ਨਾ ਆਉਣ 'ਤੇ ਲੋਕਾਂ ਦੀ ਇਸ ਮਾਮਲੇ ਨੂੰ ਲੈ ਕੇ ਉਤਸੁਕਤਾ ਹੋਰ ਵੀ ਵਧਦੀ ਜਾ ਰਹੀ ਹੈ। ਘਟਨਾ ਤੋਂ ਬਾਅਦ ਭਾਵੇਂ ਪੁਲਸ ਨੇ ਤੇਜ਼ੀ ਨਾਲ ਜਾਂਚ ਆਰੰਭ ਕਰ ਕੇ ਉਕਤ ਮਾਮਲੇ ਨੂੰ ਤੁਰੰਤ ਹੱਲ ਕਰ ਲਏ ਜਾਣ ਦਾ ਦਾਅਵਾ ਜਤਾਇਆ ਸੀ ਪਰ ਪੁਲਸ ਨੂੰ ਅਜੇ ਤੱਕ ਮਾਮਲੇ ਨੂੰ ਸੁਲਝਾਉਣ 'ਚ ਕੋਈ ਵੀ ਸਫਲਤਾ ਹੱਥ ਨਹੀਂ ਲੱਗੀ ਹੈ ਜਿਸ ਨੂੰ ਲੈ ਕੇ ਲੋਕ ਦੇ ਮਨਾਂ 'ਚ ਵੀ ਮਾਮਲੇ ਦਾ ਅਸਲ ਕਾਰਨ ਜਾਨਣ ਨੂੰ ਲੈ ਕੇ ਬੇਚੈਨੀ ਵੱਧਦੀ ਜਾ ਰਹੀ ਹੈ। ਇਸ ਸਮੁੱਚੇ ਮਾਮਲੇ ਸਬੰਧੀ ਮੀਡੀਆ ਨਾਲ ਗੱਲਬਾਤ ਕਰਨ 'ਤੇ ਸ੍ਰੀ ਅਨੰਦਪੁਰ ਸਾਹਿਬ ਦੇ ਡੀ. ਐੱਸ. ਪੀ. ਜਸ਼ਨਦੀਪ ਸਿੰਘ ਮਾਨ ਨੇ ਆਖਿਆ ਕਿ ਪੁਲਸ ਅਧਿਕਾਰੀ ਉਸੀ ਦਿਨ ਤੋਂ ਮਾਮਲੇ ਨੂੰ ਸੁਲਝਾਉਣ ਲਈ ਜੁਟੇ ਹੋਏ ਹਨ। ਉਨ੍ਹਾਂ ਆਖਿਆ ਕਿ ਵਿਭਾਗ ਦੀਆਂ ਟੀਮਾਂ ਨੂੰ ਵੱਖ-ਵੱਖ ਸਥਾਨਾਂ ਲਈ ਰਵਾਨਾ ਕੀਤਾ ਹੋਇਆ ਹੈ ਅਤੇ ਸਮੁੱਚੇ ਸੀ. ਸੀ. ਟੀ. ਵੀ. ਕੈਮਰਿਆਂ ਨੂੰ ਖੰਗਾਲਣ ਤੋਂ ਇਲਾਵਾ ਮੁਲਜ਼ਮਾਂ ਨੂੰ ਤਕਨੀਕੀ ਢੰਗ ਨਾਲ ਟਰੇਸ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ।

## ਪਾਕਿਸਤਾਨੀਆਂ ਨੇ ਜਾਪਾਨ 'ਚ ਕਰ 'ਤਾ ਕਾਂਡ ! ਬਣਾ 'ਤੀ ਗ਼ੈਰ-ਕਾਨੂੰਨੀ ਮਸਜਿਦ, ਹੁਣ ਢਾਹੁਣ ਦੀ ਉੱਠੀ ਮੰਗ

*- ਨਿਊਜ਼ਲਾਈਨ ਐਕਸਪ੍ਰੈਸ -*

**ਦਿੱਲੀ** - ਜਾਪਾਨ ਤੋਂ ਇਕ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ ਗ਼ੈਰ-ਕਾਨੂੰਨੀ ਮਸਜਿਦ ਦੇ ਉਦਘਾਟਨ ਸਮਾਰੋਹ 'ਚ ਪਾਕਿਸਤਾਨੀ ਰਾਜਦੂਤ ਦੀ ਸ਼ਮੂਲੀਅਤ ਨੂੰ ਲੈ ਕੇ ਵੱਡਾ ਅੰਤਰਰਾਸ਼ਟਰੀ ਵਿਵਾਦ ਖੜ੍ਹਾ ਹੋ ਗਿਆ ਹੈ। ਇਸ ਮਾਮਲੇ 'ਤੇ ਵਧਦੇ ਹੰਗਾਮੇ ਤੋਂ ਬਾਅਦ ਹੁਣ ਜਾਪਾਨ ਸਥਿਤ ਪਾਕਿਸਤਾਨੀ ਦੂਤਾਵਾਸ ਨੂੰ ਅਧਿਕਾਰਤ ਬਿਆਨ ਜਾਰੀ ਕਰਨ ਪਿਆ ਹੈ। ਦੂਜੇ ਪਾਸੇ, ਜਾਪਾਨ 'ਚ ਇਸ ਮਸਜਿਦ ਨੂੰ ਢਾਹੁਣ ਦੀ ਮੰਗ ਵੀ ਤੇਜ਼ ਹੋ ਗਈ ਹੈ। ਰਿਪੋਰਟਾਂ ਮੁਤਾਬਕ, ਜਾਪਾਨ 'ਚ ਰਹਿਣ ਵਾਲੇ ਪਾਕਿਸਤਾਨੀ ਭਾਈਚਾਰੇ ਦੇ ਕੁਝ ਲੋਕਾਂ ਵੱਲੋਂ ਇੱਕ ਮਸਜਿਦ ਦਾ ਨਿਰਮਾਣ ਕੀਤਾ ਗਿਆ ਸੀ, ਜਿਸ ਦੇ ਉਦਘਾਟਨ ਸਮਾਰੋਹ 'ਚ ਜਾਪਾਨ ਵਿੱਚ ਪਾਕਿਸਤਾਨ ਦੇ ਰਾਜਦੂਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸਨ। ਪਰ ਬਾਅਦ ਵਿੱਚ ਇਹ ਖ਼ੁਲਾਸਾ ਹੋਇਆ ਕਿ ਇਹ ਮਸਜਿਦ ਸਥਾਨਕ ਨਿਯਮਾਂ ਅਤੇ ਕਾਨੂੰਨਾਂ ਦੀ ਉਲੰਘਣਾ ਕਰ ਕੇ ਗ਼ੈਰ-ਕਾਨੂੰਨੀ ਤਰੀਕੇ ਨਾਲ ਬਣਾਈ ਗਈ ਹੈ, ਜਿਸ ਕਾਰਨ ਜਾਪਾਨੀ ਨਾਗਰਿਕਾਂ ਅਤੇ ਪ੍ਰਸ਼ਾਸਨ 'ਚ ਭਾਰੀ ਨਾਰਾਜ਼ਗੀ ਦੇਖੀ ਜਾ ਰਹੀ ਹੈ।



ਵਿਵਾਦ ਵਧਣ ਤੋਂ ਬਾਅਦ ਟੋਕੀਓ ਸਥਿਤ ਪਾਕਿਸਤਾਨੀ ਦੂਤਾਵਾਸ ਨੇ ਇੱਕ ਸਪਸ਼ਟੀਕਰਨ ਜਾਰੀ ਕੀਤਾ ਹੈ। ਦੂਤਾਵਾਸ ਨੇ ਕਿਹਾ ਕਿ ਰਾਜਦੂਤ ਨੂੰ ਇਸ ਗੱਲ ਦੀ ਬਿਲਕੁਲ ਜਾਣਕਾਰੀ ਨਹੀਂ ਸੀ ਕਿ ਇਹ ਇਮਾਰਤ ਗ਼ੈਰ-ਕਾਨੂੰਨੀ ਹੈ। ਉਹ ਸਿਰਫ਼ ਆਪਣੇ ਭਾਈਚਾਰੇ ਵੱਲੋਂ ਬੁਲਾਏ ਜਾਣ ਮਗਰੋਂ ਉੱਥੇ ਗਏ ਸਨ। ਪਾਕਿਸਤਾਨ ਨੇ ਸਾਫ਼ ਕੀਤਾ ਹੈ ਕਿ ਉਹ ਜਾਪਾਨ ਦੇ ਸਥਾਨਕ ਕਾਨੂੰਨਾਂ ਦਾ ਪੂਰਾ ਸਤਿਕਾਰ ਕਰਦਾ ਹੈ ਅਤੇ ਕਿਸੇ ਵੀ ਗ਼ੈਰ-ਕਾਨੂੰਨੀ ਗਤੀਵਿਧੀ ਦਾ ਸਮਰਥਨ ਨਹੀਂ ਕਰਦਾ। ਇਸ ਘਟਨਾ ਤੋਂ ਬਾਅਦ ਜਾਪਾਨ ਦੇ ਸੋਸ਼ਲ ਮੀਡੀਆ 'ਤੇ ਤਿੱਖੀ ਪ੍ਰਤੀਕਿਰਿਆ ਦੇਖਣ ਨੂੰ ਮਿਲ ਰਹੀ ਹੈ।

## ਦਿੱਲੀ ਦੇ ਹੋਟਲ 'ਚ ਲੱਗੀ ਭਿਆਨਕ ਅੱਗ ਨੇ ਉਜਾੜਿਆ ਹੱਸਦਾ-ਖੇਡਦਾ ਪਰਿਵਾਰ, ਇੱਕੋ ਘਰ ਦੇ 8 ਜੀਆਂ ਦੀ ਮੌਤ

*- ਨਿਊਜ਼ਲਾਈਨ ਐਕਸਪ੍ਰੈਸ -*

**ਦਿੱਲੀ - ਸੁਸ਼ੀਲ ਕੁਮਾਰ** - ਦੱਖਣੀ ਦਿੱਲੀ ਦੇ ਮਾਲਵੀਆ ਨਗਰ ਸਥਿਤ ਹੌਜ਼ ਰਾਣੀ ਇਲਾਕੇ ਦੇ ਇੱਕ ਹੋਟਲ ਵਿੱਚ ਵਾਪਰੇ ਭਿਆਨਕ ਅਗਨੀ ਕਾਂਡ ਨੇ ਕਈ ਪਰਿਵਾਰਾਂ ਨੂੰ ਕਦੇ ਨਾ ਭੁੱਲਣ ਵਾਲੇ ਜ਼ਖ਼ਮ ਦਿੱਤੇ ਹਨ। ਇਸ ਦਰਦਨਾਕ ਹਾਦਸੇ ਵਿੱਚ ਕੁੱਲ 21 ਲੋਕਾਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚ ਗੁਰੂਗ੍ਰਾਮ ਦੇ ਸੈਕਟਰ-46 ਦੇ ਰਹਿਣ ਵਾਲੇ ਅਗਰਵਾਲ ਪਰਿਵਾਰ ਦੇ 8 ਮੈਂਬਰ ਵੀ ਸ਼ਾਮਲ ਹਨ। ਮਿਲੀ ਜਾਣਕਾਰੀ ਅਨੁਸਾਰ, 80 ਸਾਲਾ ਰਾਧੇਸ਼ਿਆਮ ਅਗਰਵਾਲ ਫੇਫੜਿਆਂ ਦੀ ਬੀਮਾਰੀ ਕਾਰਨ ਮਾਲਵੀਆ ਨਗਰ ਦੇ ਮੈਕਸ ਹਸਪਤਾਲ ਵਿੱਚ ਦਾਖਲ ਸਨ। ਉਨ੍ਹਾਂ ਦੀ ਦੇਖਭਾਲ ਲਈ ਉਨ੍ਹਾਂ ਦਾ ਬੇਟਾ ਵਿਵੇਕ ਅਗਰਵਾਲ (48), ਨੂੰਹ ਤਰਜਨੀ ਅਗਰਵਾਲ, ਪਤਨੀ ਅਤੇ ਦੋ ਪੋਤੀਆਂ ਜੀਵਿਸ਼ਾ (ਏਂਜਲ) ਤੇ ਵਾਰਿਆ (ਪਰਲ) ਦਿੱਲੀ ਆਏ ਹੋਏ ਸਨ। ਹਸਪਤਾਲ ਦੇ ਨੇੜੇ ਹੋਣ ਕਰਕੇ ਇਹ ਸਾਰੇ ਪਰਿਵਾਰਕ ਮੈਂਬਰ ਹੌਜ਼ ਰਾਣੀ ਦੇ ਇਸੇ ਹੋਟਲ ਵਿੱਚ ਠਹਿਰੇ ਹੋਏ ਸਨ। ਬੱਚਿਆਂ ਦੀਆਂ ਛੁੱਟੀਆਂ ਹੋਣ ਕਾਰਨ ਪਰਿਵਾਰ ਆਪਣੀਆਂ ਦੋਵੇਂ ਧੀਆਂ ਨੂੰ ਵੀ ਨਾਲ ਲੈ ਕੇ ਆਇਆ ਸੀ। ਇਹ ਦੁਖਾਂਤ ਉਦੋਂ ਹੋਰ ਵੀ ਗਹਿਰਾ ਹੋ ਗਿਆ, ਜਦੋਂ ਰਾਧੇਸ਼ਿਆਮ ਅਗਰਵਾਲ ਦਾ ਹਾਲ-ਚਾਲ ਪੁੱਛਣ ਲਈ ਰਾਜਸਥਾਨ ਤੋਂ ਆਏ ਤਰਜਨੀ ਅਗਰਵਾਲ ਦੇ ਪੇਕੇ ਪਰਿਵਾਰ ਦੇ ਤਿੰਨ ਰਿਸ਼ਤੇਦਾਰ ਵੀ ਇਸ ਅੱਗ ਦੀ ਲਪੇਟ ਵਿੱਚ ਆ ਗਏ। ਅੱਗ ਅਤੇ ਸਿਲੰਡਰ ਧਮਾਕੇ ਕਾਰਨ ਹੋਟਲ ਵਿੱਚ ਮੌਜੂਦ ਇਨ੍ਹਾਂ 8 ਲੋਕਾਂ ਨੂੰ ਬਚਣ ਦਾ ਮੌਕਾ ਨਹੀਂ ਮਿਲਿਆ ਅਤੇ ਹਸਪਤਾਲ ਪਹੁੰਚਣ 'ਤੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਹਾਦਸੇ ਦਾ ਸਭ ਤੋਂ ਦਰਦਨਾਕ ਪਹਿਲੂ ਇਹ ਹੈ ਕਿ ਹਸਪਤਾਲ ਵਿੱਚ ਜ਼ੇਰੇ-ਇਲਾਜ ਰਾਧੇਸ਼ਿਆਮ ਅਗਰਵਾਲ ਨੂੰ ਅਜੇ ਤੱਕ ਇਹ ਨਹੀਂ ਪਤਾ ਕਿ ਉਨ੍ਹਾਂ ਦੀ ਪਤਨੀ, ਪੁੱਤਰ, ਨੂੰਹ ਅਤੇ ਪੋਤੀਆਂ ਹੁਣ ਇਸ ਦੁਨੀਆ ਵਿੱਚ ਨਹੀਂ ਰਹੀਆਂ। ਪਰਿਵਾਰ ਦੇ ਹੋਰ ਮੈਂਬਰ ਅਤੇ ਰਿਸ਼ਤੇਦਾਰ ਇਸ ਸਮੇਂ ਡੂੰਘੇ ਸਦਮੇ ਵਿੱਚ ਹਨ।



## ਮਮਤਾ ਨੂੰ ਵੱਡਾ ਝਟਕਾ : ਰਿਤਾਬ੍ਰਤ ਬੈਨਰਜੀ ਬਣੇ ਨੇਤਾ ਵਿਰੋਧੀ ਧਿਰ, ਵਿਧਾਨਸਭਾ ਸਪੀਕਰ ਨੇ ਦਿੱਤੀ ਮਨਜ਼ੂਰੀ

*- ਨਿਊਜ਼ਲਾਈਨ ਐਕਸਪ੍ਰੈਸ -*

**ਨਵੀਂ ਦਿੱਲੀ** - ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਮੁਖੀ ਮਮਤਾ ਬੈਨਰਜੀ ਨੂੰ ਵੱਡਾ ਝਟਕਾ ਲੱਗਾ ਹੈ। ਵਿਧਾਨ ਸਭਾ ਸਪੀਕਰ ਨੇ ਬਾਗ਼ੀ ਵਿਧਾਇਕ ਰਿਤਾਬ੍ਰਤ ਬੈਨਰਜੀ ਨੂੰ ਵਿਰੋਧੀ ਧਿਰ ਦਾ ਨੇਤਾ ਨਿਯੁਕਤ ਕੀਤਾ ਹੈ। ਬੈਨਰਜੀ ਨੇ 60 ਵਿਧਾਇਕਾਂ ਦੇ ਸਮਰਥਨ ਦਾ ਦਾਅਵਾ ਕੀਤਾ ਹੈ।

ਕੱਢੇ ਗਏ ਟੀਐਮਸੀ ਨੇਤਾ ਸੰਦੀਪਨ ਸਾਹਾ ਨੇ ਕਿਹਾ, "ਅਸੀਂ ਹੁਣੇ ਹੀ ਪੱਤਰ ਸੌਂਪਿਆ ਹੈ। ਵਿਰੋਧੀ ਧਿਰ ਦੇ ਨੇਤਾ (ਐਲਓਪੀ) ਲਈ ਨਿਰਧਾਰਤ ਕਮਰਾ ਅਧਿਕਾਰਤ ਤੌਰ 'ਤੇ ਅਲਾਟ ਕਰ ਦਿੱਤਾ ਗਿਆ ਹੈ। ਵਿਰੋਧੀ ਧਿਰ ਦੇ ਨੇਤਾ ਇਸ ਸਮੇਂ ਉੱਥੇ ਬੈਠੇ ਹਨ। ਸੰਦੀਪਨ ਸਾਹਾ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਮਮਤਾ ਬੈਨਰਜੀ ਸਾਡੀ ਸਲਾਹਕਾਰ ਬਣੀ ਰਹੇ ਅਤੇ ਸਾਨੂੰ ਆਪਣੀ ਸਲਾਹ ਦਿੰਦੀ ਰਹੇ, ਤਾਂ ਜੋ ਅਸੀਂ ਵਿਰੋਧੀ ਧਿਰ ਦੇ ਨੇਤਾ ਅਤੇ ਮੁੱਖ ਵ੍ਹਿਪ ਦੇ ਨਾਲ ਮਿਲ ਕੇ ਵਿਧਾਨ ਸਭਾ ਦੇ ਅੰਦਰ ਪਾਰਟੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾ ਸਕੀਏ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮੌਜੂਦਾ ਸਥਿਤੀ ਕੁਝ ਹੱਦ ਤੱਕ ਅਭਿਸ਼ੇਕ ਬੈਨਰਜੀ ਦੀ ਅਸਫਲਤਾ ਕਾਰਨ ਹੈ। ਆਖ਼ਰਕਾਰ, ਜੇਕਰ ਤੁਸੀਂ ਚੀਜ਼ਾਂ ਠੀਕ ਹੋਣ 'ਤੇ ਸਿਹਰਾ ਲੈਂਦੇ ਹੋ, ਤਾਂ ਤੁਹਾਨੂੰ ਚੀਜ਼ਾਂ ਗਲਤ ਹੋਣ 'ਤੇ ਵੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਟੀਐਮਸੀ ਨੇਤਾ ਪ੍ਰਸੂਨ ਬੈਨਰਜੀ ਨੇ ਕਿਹਾ, "ਭਾਜਪਾ ਵਿਰੁੱਧ ਸਾਡਾ ਰਾਜਨੀਤਿਕ ਸੰਘਰਸ਼ ਬੇਰੋਕ ਜਾਰੀ ਰਹੇਗਾ।



## ਅਸਮਾਨੀ ਬਿਜਲੀ ਨੇ ਮਚਾਈ ਤਬਾਹੀ, ਲੱਖਾਂ ਦਾ ਨੁਕਸਾਨ

*- ਨਿਊਜ਼ਲਾਈਨ ਐਕਸਪ੍ਰੈਸ -*



ਅਜਨਾਲਾ - : ਬੀਤੀ ਰਾਤ ਅਜਨਾਲਾ ਖੇਤਰ ਵਿਚ ਹੋਈ ਤੇਜ਼ ਬਰਸਾਤ ਦੌਰਾਨ ਪਿੰਡ ਬੱਲ ਲੱਭੇ ਦਰਿਆ ਵਿਖੇ ਅਸਮਾਨੀ ਬਿਜਲੀ ਡਿੱਗਣ ਕਾਰਨ ਕਿਸਾਨ ਜਗਦੀਪ ਸਿੰਘ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ। ਜਾਣਕਾਰੀ ਦਿੰਦਿਆਂ ਪੀੜਤ ਕਿਸਾਨ ਜਗਦੀਪ ਸਿੰਘ ਨੇ ਦੱਸਿਆ ਕੇ ਤੜਕਸਾਰ ਕਰੀਬ 3 ਵਜੇ ਘਰ 'ਚ ਖੜ੍ਹੇ ਟਰੈਕਟਰ 'ਤੇ ਅਸਮਾਨੀ ਬਿਜਲੀ ਡਿੱਗ ਪਈ, ਜਿਸ ਕਾਰਨ ਟਰੈਕਟਰ ਨੂੰ ਅਚਾਨਕ ਅੱਗ ਲੱਗ ਗਈ। ਅੱਗ ਨੇ ਕੁਝ ਹੀ ਸਮੇਂ ਵਿਚ ਟਰੈਕਟਰ ਨਾਲ ਜੁੜੀ ਟਰਾਲੀ ਨੂੰ ਆਪਣੀ ਲਪੇਟ ਵਿਚ ਲੈ ਲਿਆ। ਟਰਾਲੀ ਵਿਚ ਕਰਨੌਲੀ ਬੂਟੀ ਭਰੀ ਹੋਈ ਸੀ, ਜੋ ਪੂਰੀ ਤਰ੍ਹਾਂ ਸੜ ਗਈ। ਅੱਗ ਲਗਾਤਾਰ ਫੈਲਦੀ ਹੋਈ ਤੂੜੀ ਵਾਲੇ ਕਮਰੇ ਤੱਕ ਪਹੁੰਚ ਗਈ, ਜਿੱਥੇ ਪਿਆ ਤੂੜੀ, ਪਸ਼ੂਆਂ ਦਾ ਚਾਰਾ ਅਤੇ ਹੋਰ ਸਮਾਨ ਅੱਗ ਦੀ ਭੇਟ ਚੜ੍ਹ ਗਿਆ।

ਇਸ ਦੌਰਾਨ ਨੇੜੇ ਖੜ੍ਹਾ ਇਕ ਮੋਟਰਸਾਈਕਲ ਵੀ ਅੱਗ ਦੀ ਲਪੇਟ ਵਿਚ ਆ ਕੇ ਸੜ ਗਿਆ।

## ਇਰਾਨ ਵੱਲੋਂ ਮਿਜ਼ਾਈਲ ਹਮਲੇ, ਜਵਾਬ ਵਿੱਚ ਅਮਰੀਕਾ ਨੇ ਇਰਾਨੀ ਫ਼ੌਜੀ ਟਿਕਾਣੇ ਕੀਤੇ ਤਬਾਹ

*- ਨਿਊਜ਼ਲਾਈਨ ਐਕਸਪ੍ਰੈਸ -*

**ਦੁਬਈ** - ਪੱਛਮੀ ਏਸ਼ੀਆ (ਮਿਡਲ ਈਸਟ) ਵਿੱਚ ਚੱਲ ਰਹੀ ਜੰਗ ਨੇ ਉਸ ਵੇਲੇ ਭਿਆਨਕ ਰੂਪ ਧਾਰਨ ਕਰ ਲਿਆ ਜਦੋਂ ਇਰਾਨ ਵੱਲੋਂ ਦਾਗੀਆਂ ਗਈਆਂ ਮਿਜ਼ਾਈਲਾਂ ਦੇ ਜਵਾਬ ਵਿੱਚ ਅਮਰੀਕੀ ਫ਼ੌਜ ਨੇ ਇਰਾਨੀ ਟਿਕਾਣਿਆਂ 'ਤੇ ਜ਼ੋਰਦਾਰ ਬੰਬਾਰੀ ਕੀਤੀ। ਅਮਰੀਕੀ ਕੇਂਦਰੀ ਕਮਾਂਡ ਮੁਤਾਬਕ, ਇਰਾਨ ਨੇ ਕੁਵੈਤ ਅਤੇ ਬਹਿਰੀਨ ਨੂੰ ਨਿਸ਼ਾਨਾ ਬਣਾ ਕੇ ਮਿਜ਼ਾਈਲਾਂ ਦਾਗੀਆਂ ਸਨ, ਜੋ ਆਪਣੇ ਨਿਸ਼ਾਨੇ 'ਤੇ ਪਹੁੰਚਣ ਤੋਂ ਪਹਿਲਾਂ ਹੀ ਨਾਕਾਮ ਕਰ ਦਿੱਤੀਆਂ ਗਈਆਂ। ਇਸ ਦੇ ਜਵਾਬੀ ਕਾਰਵਾਈ ਵਜੋਂ ਅਮਰੀਕੀ ਫ਼ੌਜ ਨੇ ਸਟ੍ਰੇਟ ਆਫ ਹੋਰਮੁਜ਼ ਦੇ ਨੇੜੇ ਸਥਿਤ ਕੁਰੈਸ਼ਮ ਟਾਪੂ 'ਤੇ ਬਣੇ ਇਰਾਨੀ ਮਿਲਟਰੀ ਗਰਾਊਂਡ ਕੰਟਰੋਲ ਸਟੇਸ਼ਨ ਨੂੰ ਹਵਾਈ ਹਮਲਿਆਂ ਰਾਹੀਂ ਤਬਾਹ ਕਰ ਦਿੱਤਾ ਹੈ।

ਅਮਰੀਕੀ ਰਿਪੋਰਟਾਂ ਅਨੁਸਾਰ, ਕੁਵੈਤ ਵੱਲ ਆ ਰਹੀਆਂ ਦੋ ਇਰਾਨੀ ਮਿਜ਼ਾਈਲਾਂ ਰਸਤੇ ਵਿੱਚ ਹੀ ਹਵਾ 'ਚ ਫਟ ਗਈਆਂ, ਜਦੋਂ ਕਿ ਬਹਿਰੀਨ ਵੱਲ ਵੱਧ ਰਹੀਆਂ ਮਿਜ਼ਾਈਲਾਂ ਨੂੰ ਅਮਰੀਕੀ ਅਤੇ ਬਹਿਰੀਨ ਦੀਆਂ ਰੱਖਿਆ ਪ੍ਰਣਾਲੀਆਂ ਨੇ ਅਸਮਾਨ ਵਿੱਚ ਹੀ ਸਫ਼ਲਤਾਪੂਰਵਕ ਢੇਰ ਕਰ ਦਿੱਤਾ। ਇਹ ਹਮਲੇ ਉਸ ਵੇਲੇ ਹੋਏ ਹਨ ਜਦੋਂ ਇਰਾਨੀ ਮੀਡੀਆ ਨੇ ਦਾਅਵਾ ਕੀਤਾ ਕਿ ਇਰਾਨ ਨੇ ਅਮਰੀਕਾ ਅਤੇ ਇਜ਼ਰਾਈਲ ਨਾਲ ਚੱਲ ਰਹੀ ਜੰਗਬੰਦੀ ਦੀ ਵਾਰਤਾ ਨੂੰ ਅੱਗੇ ਵਧਾਉਣ ਤੋਂ ਇਨਕਾਰ ਕਰਦਿਆਂ ਵਿਚੋਲਿਆਂ ਨਾਲ ਗੱਲਬਾਤ ਬੰਦ ਕਰ ਦਿੱਤੀ ਹੈ। ਇਰਾਨੀ ਮੀਡੀਆ ਮੁਤਾਬਕ, ਜਦੋਂ ਤੱਕ ਲੈਬਨਾਨ ਵਿੱਚ ਹਿਜ਼ਬੁੱਲਾ ਖ਼ਿਲਾਫ਼ ਚੱਲ ਰਹੀ ਇਜ਼ਰਾਇਲੀ ਜੰਗ ਨਹੀਂ ਰੁਕਦੀ, ਉਦੋਂ ਤੱਕ ਕੋਈ ਗੱਲਬਾਤ ਨਹੀਂ ਹੋਵੇਗੀ। ਹਾਲਾਂਕਿ, ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇਨ੍ਹਾਂ ਰਿਪੋਰਟਾਂ ਨੂੰ ਝੂਠੀਆਂ ਦੱਸਦਿਆਂ ਕਿਹਾ ਹੈ ਕਿ ਗੱਲਬਾਤ ਲਗਾਤਾਰ ਜਾਰੀ ਹੈ ਅਤੇ ਉਨ੍ਹਾਂ ਨੇ ਇਰਾਨ ਨੂੰ ਦੋ ਟੁੱਕ ਸ਼ਬਦਾਂ ਵਿੱਚ ਕਿਹਾ ਹੈ ਕਿ ਹੁਣ ਸਮਝੌਤਾ ਕਰਨ ਦਾ ਸਮਾਂ ਆ ਗਿਆ ਹੈ।



ਦੂਜੇ ਪਾਸੇ, ਅਮਰੀਕੀ ਸਮੁੰਦਰੀ ਨਾਕਾਬੰਦੀ ਨੂੰ ਤੋੜ ਕੇ ਇਰਾਨੀ ਬੰਦਰਗਾਹ ਵੱਲ ਵਧ ਰਹੇ ਇੱਕ ਹੋਰ ਤੇਲ ਟੈਂਕਰ 'ਐੱਮ/ਟੀ ਲੈਕਸੀ' ਨੂੰ ਅਮਰੀਕੀ ਲੜਾਕੂ ਜਹਾਜ਼ ਨੇ ਹੈਲਫਾਇਰ ਮਿਜ਼ਾਈਲ ਦਾਗ ਕੇ ਰੋਕ ਦਿੱਤਾ। ਅਮਰੀਕੀ ਬਲਾਕੇਡ ਨੂੰ ਤੋੜਨ ਦੀ ਕੋਸ਼ਿਸ਼ ਕਰਨ ਵਾਲਾ ਇਹ ਸੱਤਵਾਂ ਜਹਾਜ਼ ਸੀ, ਜਿਸ ਦੇ ਇੰਜਣ ਰੂਮ 'ਤੇ 24 ਘੰਟੇ ਦੀ ਚਿਤਾਵਨੀ ਤੋਂ ਬਾਅਦ ਹਮਲਾ ਕੀਤਾ ਗਿਆ।

## ਰਵਨੀਤ ਸਿੰਘ ਬਿੱਟੂ ਮੰਤਰੀ ਦੀ ਕੁਰਸੀ ਅਤੇ ਰਾਜ ਸਭਾ ਸੀਟ ਗੁਆ ਦੇਵੇਗਾ: ਭਗਵੰਤ ਮਾਨ

*- ਨਿਊਜ਼ਲਾਈਨ ਐਕਸਪ੍ਰੈਸ -*

**ਚੰਡੀਗੜ੍ਹ** – ਕਦੇ ਸਭ ਤੋਂ ਚੰਗੇ ਦੋਸਤ ਰਹੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਹੁਣ ਇੱਕ ਦੂਜੇ ਦੇ ਵਿਰੋਧੀ ਬਣ ਗਏ ਹਨ। ਅੱਜ ਮੀਡੀਆ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਬਿੱਟੂ ਜਲਦੀ ਹੀ ਨਾ ਸਿਰਫ ਆਪਣਾ ਮੰਤਰਾਲਾ ਗੁਆਉਣਗੇ, ਸਗੋਂ ਆਪਣੀ ਰਾਜ ਸਭਾ ਸੀਟ ਵੀ ਗੁਆ ਦੇਣਗੇ। ਉਨ੍ਹਾਂ ਕਿਹਾ, "ਉਨ੍ਹਾਂ (ਭਾਜਪਾ ਦੀ ਚੋਟੀ ਦੀ ਲੀਡਰਸ਼ਿਪ ਦਾ ਹਵਾਲਾ ਦਿੰਦੇ ਹੋਏ) ਨੇ ਉਸ ਨੂੰ ਵਿਧਾਨ ਸਭਾ ਚੋਣ ਲੜ ਕੇ ਅਤੇ ਜਿੱਤ ਕੇ ਆਪਣੀ ਸਿਆਸੀ ਸਮਰੱਥਾ ਸਾਬਤ ਕਰਨ ਲਈ ਕਿਹਾ ਹੈ। ਇਸੇ ਲਈ ਉਹ ਕਹਿ ਰਿਹਾ ਹੈ ਕਿ 'ਬਹੁਤ ਹੋ ਗਿਆ ਰਾਜ ਸਭਾ ਅਤੇ ਲੋਕ ਸਭਾ'।"



ਮਾਨ ਅਤੇ ਬਿੱਟੂ, ਜੋ 2022 ਵਿੱਚ ਆਮ ਆਦਮੀ ਪਾਰਟੀ ਦੇ ਸੱਤਾ ਵਿੱਚ ਆਉਣ ਅਤੇ ਮਾਨ ਦੇ ਮੁੱਖ ਮੰਤਰੀ ਬਣਨ ਤੋਂ ਬਹੁਤ ਪਹਿਲਾਂ ਦੋਸਤ ਬਣ ਗਏ ਸਨ, ਹਾਲ ਹੀ ਤੱਕ ਕਰੀਬੀ ਦੋਸਤ ਰਹੇ ਸਨ। ਜੇ ਅੰਦਰੂਨੀ ਸੂਤਰਾਂ ਦੀ ਮੰਨੀਏ ਤਾਂ ਦੋਵੇਂ ਅਕਸਰ ਇੱਕ-ਦੂਜੇ ਨਾਲ ਗੱਲਬਾਤ ਕਰਦੇ ਸਨ ਅਤੇ ਨਾ ਸਿਰਫ਼ ਸਿਆਸੀ ਗੱਲਾਂ, ਸਗੋਂ ਆਪਣੇ ਨਿੱਜੀ ਮੁੱਦਿਆਂ ਦਾ ਵੀ ਆਦਾਨ-ਪ੍ਰਦਾਨ ਕਰਦੇ ਸਨ।

## ਸੰਪਾਦਕੀ

# ਭਾਰਤ ਅਤੇ ਓਮਾਨ ਦੁਆਰਾ ਇਕ ਨਵੇਂ ਆਰਥਿਕ ਗਲਿਆਰੇ ਨੂੰ ਗਤੀ

ਭਾਰਤ ਅਤੇ ਓਮਾਨ ਦੇ ਦਰਮਿਆਨ ਵਣਜ ਰਿਸ਼ਤੇ ਸਦੀਆਂ ਤੋਂ ਚੱਲਦੇ ਆ ਰਹੇ ਹਨ। ਦੋਵੇਂ ਦੇਸ਼ਾਂ ਦਾ ਇਕ ਸਾਂਝਾ ਇਤਿਹਾਸ ਪ੍ਰਾਚੀਨ ਜਹਾਜ਼ਾਂ ਦੇ ਬਾਦਬਾਨਾਂ 'ਤੇ ਸਵਾਰ ਹੋ ਕੇ ਅੱਗੇ ਵਧਦਾ ਰਿਹਾ ਹੈ ਅਤੇ ਪੀੜ੍ਹੀਆਂ ਤੋਂ ਚਲੇ ਆ ਰਹੇ ਸੱਭਿਆਚਾਰਕ ਅਦਾਨ-ਪ੍ਰਦਾਨ ਦੇ ਜ਼ਰੀਏ ਕਾਇਮ ਰਿਹਾ ਹੈ। ਭਾਰਤ-ਓਮਾਨ ਵਿਆਪਕ ਆਰਥਿਕ ਸਾਂਝੇਦਾਰੀ ਸਮਝੌਤਾ (ਸੀਈਪੀਏ) ਇਸ ਸੱਭਿਅਤਾਗਤ ਬੰਧਨ ਨੂੰ ਹੋਰ ਮਜ਼ਬੂਤ ਕਰਦਾ ਹੈ। ਇਕ ਅਜਿਹੇ ਦੌਰ 'ਚ ਜਦੋਂ ਆਲਮੀ ਵਪਾਰ ਭੂ-ਰਾਜਨੀਤਕ ਮੁਕਾਬਲੇਬਾਜ਼ੀਆਂ, ਸਪਲਾਈ ਚੇਨ 'ਚ ਵਿਘਨ ਅਤੇ ਵਧ ਰਹੇ ਸੁਰੱਖਿਆਵਾਦ ਨਾਲ ਜੂਝ ਰਿਹਾ ਹੈ, ਇਹ ਸਮਝੌਤਾ ਭਰੋਸੇਯੋਗ ਸਾਂਝੇਦਾਰਾਂ ਨਾਲ ਆਰਥਿਕ ਜੁੜਾਅ ਨੂੰ ਮਜ਼ਬੂਤ ਕਰਨ ਦੇ ਭਾਰਤ ਦੇ ਦ੍ਰਿੜ੍ਹ ਸੰਕਲਪ ਨੂੰ ਦਰਸਾਉਂਦਾ ਹੈ। ਵਰ੍ਹੇ 2022 'ਚ ਸੰਯੁਕਤ ਅਰਬ ਅਮੀਰਾਤ (ਯੂਏਈ) ਦੇ ਨਾਲ ਹੋਏ ਇਤਿਹਾਸਕ ਸਮਝੌਤੇ ਤੋਂ ਬਾਅਦ, ਇਹ ਸੀਈਪੀਏ ਖਾੜੀ ਦੇਸ਼ਾਂ ਦੇ ਨਾਲ ਭਾਰਤ ਦੀ ਵਧਦੀ ਆਰਥਿਕ ਭਾਗੀਦਾਰੀ ਨੂੰ ਮਜ਼ਬੂਤੀ ਨਾਲ ਸਥਾਪਿਤ ਕਰਦਾ ਹੈ।

ਦੁਵੱਲੇ ਵਪਾਰ 'ਚ ਨਿਰੰਤਰ ਵਾਧਾ ਹੋਇਆ ਹੈ ਅਤੇ ਵਿੱਤੀ ਵਰ੍ਹੇ 2025-26 'ਚ ਇਹ 11.18 ਬਿਲੀਅਨ ਅਮਰੀਕੀ ਡਾਲਰ ਤੱਕ ਪਹੁੰਚ ਗਿਆ ਹੈ। ਜਦਕਿ, ਸੇਵਾਵਾਂ ਦਾ ਵਪਾਰ 2024 'ਚ 863 ਮਿਲੀਅਨ ਅਮਰੀਕੀ ਡਾਲਰ ਦਾ ਰਿਹਾ। ਆਰਥਿਕ ਰਿਸ਼ਤਿਆਂ 'ਚ ਵਿਭਿੰਨਤਾ ਆਈ ਹੈ ਅਤੇ ਇਸ 'ਚ ਰਵਾਇਤੀ ਵਸਤਾਂ ਤੋਂ ਪਰ੍ਹੇ ਇੰਜੀਨੀਅਰਿੰਗ ਸਮਾਨ, ਫਾਰਮਾਸਿਊਟੀਕਲਸ ਤੇ ਆਈਟੀ ਸੇਵਾਵਾਂ ਦਾ ਸਮਾਵੇਸ਼ ਹੋਇਆ ਹੈ। ਫਿਰ ਵੀ, ਕਾਫੀ ਅਣਛੋਹੀਆਂ ਸੰਭਾਵਨਾਵਾਂ ਹਾਲੇ ਵੀ ਬਾਕੀ ਹਨ। ਵਸਤਾਂ ਅਤੇ ਸੇਵਾਵਾਂ ਦੇ ਵਪਾਰ, ਨਿਵੇਸ਼, ਪੇਸ਼ੇਵਰ ਆਵਾਜਾਈ ਅਤੇ ਰੈਗੂਲੇਟਰੀ ਸਹਿਯੋਗ ਨੂੰ ਸ਼ਾਮਲ ਕਰਕੇ, ਇਹ ਸੀਈਪੀਏ ਵਧੇਰੇ ਮਜ਼ਬੂਤ, ਤਾਲਮੇਲ ਵਾਲੀ ਅਤੇ ਵਿਆਪਕ ਆਰਥਿਕ ਸਾਂਝੇਦਾਰੀ ਦਾ ਇਕ ਵਿਆਪਕ ਢਾਂਚਾ ਤਿਆਰ ਕਰਦਾ ਹੈ।

ਇਸ ਸੀਈਪੀਏ ਦੇ ਤਹਿਤ ਓਮਾਨ ਦੀ 98.08 ਪ੍ਰਤੀਸ਼ਤ ਟੈਰਿਫ ਲਾਈਨਾਂ 'ਤੇ ਭਾਰਤੀ ਬਰਾਮਦ ਨੂੰ ਡਿਊਟੀ-ਮੁਕਤ ਬਜ਼ਾਰ ਪਹੁੰਚ ਹਾਸਲ ਹੈ। ਇਸ ਸਮਝੌਤੇ ਤੋਂ ਪਹਿਲਾਂ, ਭਾਰਤ ਦੇ ਬਰਾਮਦ ਦਾ ਸਿਰਫ਼ ਲਗਭਗ 15 ਫ਼ੀਸਦ ਹਿੱਸਾ ਹੀ ਸਭ ਤੋਂ ਵੱਧ ਤਰਜੀਹੀ ਦੇਸ਼ (ਮੋਸਟ ਫੇਵਰਡ ਨੇਸ਼ਨ) ਦੀ ਵਿਵਸਥਾ ਦੇ ਤਹਿਤ ਓਮਾਨ 'ਚ ਡਿਊਟੀ-ਮੁਕਤ ਪ੍ਰਵੇਸ਼ ਕਰਦਾ ਸੀ, ਜਦਕਿ ਬਾਕੀ 'ਤੇ 5 ਫ਼ੀਸਦ ਤੱਕ ਦੀ ਡਿਊਟੀ ਲੱਗਦੀ ਸੀ। ਇਸ ਸੀਈਪੀਏ ਅਧੀਨ, ਭਾਰਤ ਦੇ ਵਰਤਮਾਨ ਬਰਾਮਦ ਦੀ 99.38 ਫ਼ੀਸਦ ਮਾਤਰਾ ਹੁਣ ਡਿਊਟੀ-ਮੁਕਤ ਪ੍ਰਵੇਸ਼ ਦਾ ਲਾਭ ਪ੍ਰਾਪਤ ਕਰੇਗੀ।

ਭਾਰਤੀ ਬਰਾਮਦਕਾਰਾਂ ਦੀ ਨਜ਼ਰੇ ਇਹ ਲਾਭ ਕਾਫੀ ਮਹੱਤਵਪੂਰਨ ਹਨ। ਓਮਾਨ ਦੇ ਵਿਜ਼ਨ 2040' ਤਹਿਤ ਬੁਨਿਆਦੀ ਢਾਂਚੇ, ਲੌਜਿਸਟਿਕਸ ਅਤੇ ਉਦਯੋਗਿਕ ਵਿਭਿੰਨਤਾ 'ਚ ਉਸ ਵੱਲੋਂ ਕੀਤੇ ਜਾ ਰਹੇ ਨਿਵੇਸ਼ ਨਾਲ ਮੰਗ 'ਚ ਵਾਧਾ ਹੋਵੇਗਾ। ਵਿੱਤੀ ਵਰ੍ਹੇ 2024-25 'ਚ 875.83 ਮਿਲੀਅਨ ਅਮਰੀਕੀ ਡਾਲਰ ਕੀਮਤ ਦੀਆਂ ਇੰਜੀਨੀਅਰਿੰਗ ਵਸਤੂਆਂ ਦੇ ਬਰਾਮਦ ਦੇ 2030 ਤੱਕ ਵਧ ਕੇ 1.3 ਤੋਂ 1.6 ਬਿਲੀਅਨ ਅਮਰੀਕੀ ਡਾਲਰ ਦੇ ਦਰਮਿਆਨ ਹੋਣ ਦਾ ਅਨੁਮਾਨ ਹੈ। ਜ਼ੀਰੋ ਫੀਸ ਦੀ ਸੁਵਿਧਾ ਰਾਹੀਂ ਟੈਕਸਟਾਈਲ ਅਤੇ ਅਪੈਰਲ ਸੈਕਟਰ ਨੂੰ ਖੇਤਰੀ ਮੁਕਾਬਲੇਬਾਜ਼ੀਆਂ 'ਤੇ ਮਹੱਤਵਪੂਰਨ ਵਾਧਾ ਮਿਲੇਗਾ। ਇਸ ਨਾਲ ਤਿਰੂਪੁਰ, ਸੂਰਤ, ਲੁਧਿਆਣਾ ਅਤੇ ਕੋਇੰਬਟੂਰ ਵਰਗੇ ਕਿਰਤ-ਪ੍ਰਧਾਨ ਖੇਤਰਾਂ ਨੂੰ ਪੁਨਰ-ਸੁਰਜੀਤ ਕਰਨ 'ਚ ਮਦਦ ਮਿਲੇਗੀ ਅਤੇ ਨਾਲ ਹੀ ਰੁਜ਼ਗਾਰ ਵੀ ਪੈਦਾ ਹੋਵੇਗਾ।

ਮੌਕੇ ਵੱਡੇ ਅਤੇ ਵਿਭਿੰਨ ਹਨ। ਦਰਾਮਦ-ਨਿਰਭਰ ਓਮਾਨ ਦੀ ਫਾਰਮਾਸਿਊਟੀਕਲ ਮਾਰਕਿਟ ਭਾਰਤੀ ਕੰਪਨੀਆਂ ਲਈ ਮਜ਼ਬੂਤ ਸੰਭਾਵਨਾਵਾਂ ਪੇਸ਼ ਕਰਦੀ ਹੈ। ਰੈਗੂਲੇਟਰੀ ਪ੍ਰਵਾਨਗੀਆਂ 'ਚ ਤੇਜ਼ੀ, ਗੁਣਵੱਤਾ ਪ੍ਰਮਾਣੀਕਰਣਾਂ ਦੀ ਮਾਨਤਾ ਅਤੇ ਮੁੱਖ ਉਤਪਾਦਾਂ ਲਈ ਡਿਊਟੀ-ਮੁਕਤ ਪਹੁੰਚ ਨਾਲ ਪਾਲਣਾ ਸਬੰਧੀ ਲਾਗਤਾਂ 'ਚ ਕਮੀ ਆਵੇਗੀ ਅਤੇ ਬਜ਼ਾਰ 'ਚ ਪ੍ਰਵੇਸ਼ ਵਧੇਗਾ। ਚੌਲ਼, ਪ੍ਰੋਸੈੱਸਡ ਫੂਡ ਪ੍ਰੋਡਕਟਸ, ਮਸਾਲੇ ਅਤੇ ਕਨਫੈਕਸ਼ਨਰੀ ਸਣੇ ਖੇਤੀਬਾੜੀ ਅਤੇ ਫੂਡ ਪ੍ਰੋਸੈੱਸਿੰਗ 'ਤੇ ਅਧਾਰਿਤ ਬਰਾਮਦ ਨੂੰ ਵੀ ਲਾਭ ਹੋਵੇਗਾ।

ਭਾਰਤ ਦੇ ਹਾਲੀਆ ਵਪਾਰ ਸਮਝੌਤਿਆਂ ਦੇ ਅਨੁਸਾਰ, ਸੀਈਪੀਏ ਇਕ ਸੰਤੁਲਿਤ ਅਤੇ ਚੰਗੀ ਤਰ੍ਹਾਂ ਵਿਚਾਰਿਆ ਗਿਆ ਦ੍ਰਿਸ਼ਟੀਕੋਣ ਸ਼ਾਮਲ ਹੈ। ਜਿੱਥੇ ਇਕ ਪਾਸੇ, ਭਾਰਤ ਮੁਕਾਬਲੇਬਾਜ਼ੀ ਨੂੰ ਮਜ਼ਬੂਤ ਕਰਨ ਅਤੇ ਗਲੋਬਲ ਸਪਲਾਈ ਚੇਨਾਂ 'ਚ ਸ਼ਾਮਲ ਹੋਣ ਲਈ ਬਜ਼ਾਰ ਖੋਲ੍ਹ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਸੰਵੇਦਨਸ਼ੀਲ ਖੇਤਰਾਂ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾ ਰਿਹਾ ਹੈ। ਡੇਅਰੀ ਅਤੇ ਅਨਾਜ ਵਰਗੇ ਮੁੱਖ ਖੇਤੀਬਾੜੀ ਉਤਪਾਦਾਂ ਦੇ ਨਾਲ-ਨਾਲ ਰਬੜ, ਟੈਕਸਟਾਈਲ ਅਤੇ ਜੁੱਤੀ ਵਰਗੇ ਉਦਯੋਗ ਸੁਰੱਖਿਅਤ ਬਣੇ ਹੋਏ ਹਨ। ਇਹ ਦ੍ਰਿਸ਼ਟੀਕੋਣ ਬਾਹਰੀ ਬਜ਼ਾਰਾਂ ਤੱਕ ਪਹੁੰਚ ਅਤੇ ਘਰੇਲੂ ਕਮਜ਼ੋਰੀਆਂ ਤੋਂ ਬਚਾਅ ਨੂੰ ਏਕੀਕ੍ਰਿਤ ਕਰਦਾ ਹੈ।

ਭਾਰਤ ਨੇ ਓਮਾਨ ਤੋਂ ਦਰਾਮਦ ਹੋਣ ਵਾਲੇ ਲਗਭਗ 95 ਫ਼ੀਸਦ ਉਤਪਾਦਾਂ 'ਤੇ ਲਾਗੂ ਹੋਣ ਵਾਲੀ ਆਪਣੀ 77 ਫ਼ੀਸਦ ਤੋਂ ਵੱਧ ਟੈਰਿਫ ਲਾਈਨਾਂ ਨੂੰ ਉਦਾਰ ਬਣਾਉਣ ਦੀ ਵਚਨਬੱਧਤਾ ਪ੍ਰਗਟਾਈ ਹੈ। ਇਸ ਨਾਲ ਓਮਾਨ ਦੇ ਪ੍ਰਮੁੱਖ ਬਰਾਮਦਾਂ, ਖ਼ਾਸ ਕਰਕੇ ਮੀਥੇਨੌਲ ਅਤੇ ਐਨਹਾਈਡ੍ਰਸ ਅਮੋਨੀਆ ਵਰਗੇ ਉਦਯੋਗਿਕ ਇਨਪੁਟਸ ਨੂੰ ਮੁਕਾਬਲੇ ਵਾਲਾ ਲਾਭ ਮਿਲੇਗਾ। ਓਮਾਨ ਨੂੰ ਧਾਤਾਂ ਅਤੇ ਮਿਸ਼ਰ ਧਾਤਾਂ ਦੀ ਇਕ ਵਿਸਤ੍ਰਿਤ ਲੜੀ 'ਚ ਤਰਜੀਹੀ ਬਜ਼ਾਰ ਪਹੁੰਚ ਹਾਸਲ ਹੋਵੇਗੀ। ਇਸ ਨਾਲ ਸਾਡੇ ਦੋਵੇਂ ਦੇਸ਼ਾਂ ਨੂੰ ਘੱਟ ਉਤਪਾਦਨ ਲਾਗਤ ਦਾ ਲਾਭ ਲੈਣ ਵਿੱਚ ਮਦਦ ਮਿਲੇਗੀ।

ਜਿਨ੍ਹਾਂ ਖੇਤਰਾਂ 'ਚ ਭਾਰਤ ਦੇ ਰੱਖਿਆਤਮਕ ਹਿੱਤ ਹਨ, ਉਨ੍ਹਾਂ ਖੇਤਰਾਂ 'ਚ ਟੈਰਿਫ ਦਰ ਕੋਟਾ (ਟੀਆਰਕਿਊ) ਰਾਹੀਂ ਓਮਾਨ ਨੂੰ ਪਹੁੰਚ ਪ੍ਰਦਾਨ ਕੀਤੀ ਗਈ ਹੈ। ਇਹ ਵਿਵਸਥਾ ਦਰਸਾਈ ਗਈ ਮਾਤਰਾ ਦੀ ਸੀਮਾ ਅੰਦਰ ਖਜੂਰ, ਸੰਗਮਰਮਰ ਅਤੇ ਚੁਣੇ ਹੋਏ ਪੈਟਰੋਕੈਮੀਕਲ ਵਰਗੇ ਉਤਪਾਦਾਂ ਦੇ ਤਰਜੀਹੀ ਬਰਾਮਦ ਦੀ ਪ੍ਰਵਾਨਗੀ ਦਿੰਦੀ ਹੈ। ਬਹੁਤ ਸਾਵਧਾਨੀ ਨਾਲ ਤਿਆਰ ਕੀਤੀ ਗਿਆ ਜੁੜਾਅ ਦਾ ਇਹ ਢੰਗ ਮੁਕਾਬਲੇਬਾਜ਼ੀ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲਾਗ ਕਾਲ ਦੌਰਾਨ ਕਮਜ਼ੋਰ ਖੇਤਰਾਂ ਨੂੰ ਸਹਾਇਤਾ ਵੀ ਪ੍ਰਦਾਨ ਕਰਦਾ ਹੈ।

ਇਹ ਸੀਈਪੀਏ ਭਾਰਤੀ ਸਰਵਿਸ ਪ੍ਰੋਵਾਈਡਰਾਂ ਨੂੰ ਉਨ੍ਹਾਂ ਸਾਰੇ ਖੇਤਰਾਂ 'ਚ ਰੁਕਾਵਟੀ ਵਚਨਬੱਧਤਾਵਾਂ ਪ੍ਰਦਾਨ ਕਰਦਾ ਹੈ, ਜਿੱਥੇ ਭਾਰਤ ਦੀ ਸਥਿਤੀ ਸਪਸ਼ਟ ਤੌਰ 'ਤੇ ਮਜ਼ਬੂਤ ਹੈ। ਇਨ੍ਹਾਂ 'ਚ ਆਈਟੀ, ਪੇਸ਼ੇਵਰ ਸੇਵਾਵਾਂ ਅਤੇ ਨਿਰਮਾਣ ਖੇਤਰ ਸ਼ਾਮਲ ਹਨ। ਵਿਭਿੰਨ ਖੇਤਰਾਂ 'ਚ ਸੌ ਫ਼ੀਸਦੀ ਪ੍ਰਤੱਖ ਵਿਦੇਸ਼ੀ ਨਿਵੇਸ਼ ਦੀ ਮਨਜ਼ੂਰੀ ਦੇਣ ਵਾਲੇ ਪ੍ਰਬੰਧਾਂ ਨਾਲ, ਭਾਰਤੀ ਕੰਪਨੀਆਂ ਨੂੰ ਓਮਾਨ 'ਚ ਆਪਸੀ ਮੌਜੂਦਗੀ ਦਾ ਵਿਸਤਾਰ ਕਰਨ ਦੇ ਵਧੇਰੇ ਮੌਕੇ ਮਿਲਣਗੇ।

ਹੁਨਰਾਂ ਪੱਖੋਂ ਵੀ, ਇਹ ਸਮਝੌਤਾ ਇੱਕ ਵੱਡੀ ਪ੍ਰਾਪਤੀ ਹੈ। ਕੰਪਨੀ ਅੰਦਰ ਤਬਾਦਲੇ ਕੀਤੇ ਕਰਮਚਾਰੀਆਂ ਦੀ ਹੱਦ ਨੂੰ 50 ਫ਼ੀਸਦ ਤੱਕ ਵਧਾ ਕੇ, ਭਾਰਤੀ ਕੰਪਨੀਆਂ ਨੂੰ ਹੁਣ ਵਿਸ਼ੇਸ਼ਤਾ ਪ੍ਰਾਪਤ ਕਰਮਚਾਰੀਆਂ ਨੂੰ ਅਸਾਨੀ ਨਾਲ ਤੈਨਾਤ ਕਰਨ ਅਤੇ ਬਜ਼ਾਰ 'ਚ ਆਪਣੀ ਮਜ਼ਬੂਤ ਮੌਜੂਦਗੀ ਨੂੰ ਹੋਰ ਜ਼ਿਆਦਾ ਮਜ਼ਬੂਤ ਕਰਨ ਦੀ ਸੁਵਿਧਾ ਮਿਲ ਗਈ ਹੈ। ਇਸ ਤੋਂ ਇਲਾਵਾ, ਕਿਸੇ ਵੀ ਮੁਕਤ ਵਪਾਰ ਸਮਝੌਤੇ (ਐੱਫਟੀਏ) 'ਚ ਪਹਿਲੀ ਵਾਰ, ਓਮਾਨ ਨੇ ਸੁਤੰਤਰ ਪੇਸ਼ੇਵਰਾਂ ਲਈ ਇਕ ਸਮਰਪਿਤ ਆਵਾਜਾਈ ਦੀ ਵਿਵਸਥਾ ਸਥਾਪਿਤ ਕੀਤੀ ਹੈ। ਹੁਣ ਜਦਕਿ ਆਲਮੀ ਪੱਧਰ 'ਤੇ ਜਨਸੰਖਿਆ ਤਬਦੀਲੀਆਂ ਕਾਰਨ ਫੈਕਟਰੀਆਂ 'ਚ ਵਰਕਰਾਂ ਦੀ ਘਾਟ ਹੋ ਰਹੀ ਹੈ।

Newsline Expres (Daily) Printed at Raftaar Printing Press Patiala Published and Owned by Ashok Verma and Printed at Patiala and Published from , 5, Hargobind Nagar, Sirhind Road, Patiala.
Editor : Ashok Verma
RNI No.64852
Mobile no.9023456700
E-mail : newslineexpress@gmail.com
website: newslineexpres.com

ਪ੍ਰਿੰਟਰ, ਪ੍ਰਕਾਸ਼ਕ ਅਤੇ ਮਾਲਕ ਅਸ਼ੋਕ ਵਰਮਾ ਨੇ ਰੋਜ਼ਾਨਾ ਨਿਊਜ਼ਲਾਈਨ ਐਕਸਪ੍ਰੈਸ, ਰਫ਼ਤਾਰ ਪ੍ਰਿੰਟਿੰਗ ਪ੍ਰੈਸ ਪਟਿਆਲਾ ਤੋਂ ਛਪਵਾ ਕੇ 5, ਹਰਗੋਬਿੰਦ ਨਗਰ, ਸਰਹਿੰਦ ਰੋਡ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ।
ਸੰਪਾਦਕ : ਅਸ਼ੋਕ ਵਰਮਾ
ਨੋਟ : ਸੰਪਾਦਕ ਸਿਰਫ ਪੀ ਆਰ ਬੀ ਐਕਟ ਅਧੀਨ ਖਬਰਾਂ ਲਈ ਜ਼ਿੰਮੇਵਾਰ।
ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ ਪਟਿਆਲਾ ਅਦਾਲਤ ਵਿੱਚ ਹੀ ਹੋਵੇਗਾ।

# ਭਾਰਤ ਦੇ ਨੌਜਵਾਨ ਨੌਕਰੀਆਂ ਲੱਭਣ ਵਾਲੇ ਨਹੀਂ ਸਗੋਂ ਨੌਕਰੀਆਂ ਦੇਣ ਵਾਲੇ ਬਣਨ, ਸਟਾਰਟਅੱਪ ਇੰਡੀਆ ਅਤੇ ਡਿਜੀਟਲ ਇੰਡੀਆ ਵਰਗੀਆਂ ਸਕੀਮਾਂ ਨੌਜਵਾਨਾਂ ਨੂੰ ਬਣਾ ਰਹੀਆਂ ਆਤਮ ਨਿਰਭਰ : ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ

## 21ਵੀਂ ਸਦੀ ਵਿੱਚ ਭਾਰਤ ਨੂੰ ਮੁੜ ਵਿਸ਼ਵ ਗੁਰੂ ਬਣਾਉਣ ਲਈ ਨੌਜਵਾਨ ਪ੍ਰਾਚੀਨ ਵਿਦਵਾਨਾਂ ਆਰੀਆਭੱਟ, ਚਰਕ, ਸੁਸ਼ਰੁਤ, ਪਾਣਿਨੀ ਅਤੇ ਚਾਣਕਿਆ ਦੀ ਵਿਰਾਸਤ ਨਾਲ ਦੁਬਾਰਾ ਜੁੜਨ: ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ

*ਨਿਊਜ਼ਲਾਈਨ ਐਕਸਪ੍ਰੈਸ -*



**ਕੁਰਾਲੀ** - ਤੁਸੀਂ ਸਿਰਫ਼ ਨੌਕਰੀ ਦੀ ਭਾਲ ਕਰਨ ਵਾਲੇ ਨੌਜਵਾਨ ਨਾ ਬਣੋ ਸਗੋਂ ਅਜਿਹੇ ਨੌਜਵਾਨ ਬਣੋ ਜੋ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰੇ ਨੌਜਵਾਨਾਂ ਨੂੰ ਆਤਮ-ਨਿਰਭਰ ਅਤੇ ਸਮਰੱਥ ਬਣਾਉਣ ਲਈ ਦੇਸ਼ ਵਿੱਚ ਸਟਾਰਟਅੱਪ ਇੰਡੀਆ ਸਟੈਂਡ ਅੱਪ ਇੰਡੀਆ ਸਕਿੱਲ ਇੰਡੀਆ ਡਿਜੀਟਲ ਇੰਡੀਆ, ਪੀਐਮ ਈ-ਵਿੱਦਿਆ, ਸਵੈਮ, ਨੈਸ਼ਨਲ ਡਿਜੀਟਲ ਲਾਈਬ੍ਰੇਰੀ ਅਟਲ ਇਨੋਵੇਸ਼ਨ ਮਿਸ਼ਨ ਅਤੇ ਪੀਐਮ ਵਿੱਦਿਆ ਲਕਸ਼ਮੀ ਵਰਗੀਆਂ ਅਨੇਕਾਂ ਸਰਕਾਰੀ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਖ਼ੁਦ ਦੇ ਪੈਰਾਂ ਤੇ ਖੜੀ ਹੋ ਸਕੇ ਇਨ੍ਹਾਂ ਪ੍ਰੇਰਣਾਦਾਇਕ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਯੂਨੀਵਰਸਿਟੀ ਦੇ ਸੀਯੂ ਸਕਾਲਰਜ਼ ਸਮਿਟ 2026' ਦੇ ਤੀਜੇ ਐਡੀਸ਼ਨ ਦਾ ਉਦਘਾਟਨ ਦੌਰਾਨ ਕੀਤਾ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਬਤੌਰ ਮੁੱਖ ਮਹਿਮਾਨ ਇਸ ਵੱਕਾਰੀ ਸਮਿਟ ਦਾ ਉਦਘਾਟਨ ਕੀਤਾ ਇਸ ਮੌਕੇ ਵਿਗਿਆਨੀ ਪ੍ਰੋਫੈਸਰ (ਡਾ.) ਵਾਈ. ਵੀ. ਐਨ.ਕ੍ਰਿਸ਼ਨਾ ਮੂਰਤੀ (ਸਾਬਕਾ ਡਾਇਰੈਕਟਰ ਆਈ ਆਈਆਰਐਸ, ਐਨਆਰ ਐਸਸੀ ਐਨਏਆਰਐਲ ਅਤੇ ਆਈਆਈ ਐਸਟੀ) ਬਾਲੀਵੁੱਡ ਦੇ ਮਸ਼ਹੂਰ ਅਦਾਕਾਰ ਚੰਕੀ ਪਾਂਡੇ ਬਾਲੀਵੁੱਡ ਅਦਾਕਾਰ ਅਤੇ ਕਾਮੇਡੀਅਨ ਕੀਕੂ ਸ਼ਾਰਦਾ ਇੰਡੋ-ਕੈਨੇਡੀਅਨ ਅਦਾਕਾਰ ਅਤੇ ਪ੍ਰੋਡਿਊਸਰ ਰਜਤ ਬੇਦੀ, ਟਾਟਾ ਕੰਸਲਟੈਂਸੀ ਸਰਵਿਸਿਜ਼ ਲਿਮਟਿਡ (ਟੀਸੀਐਸ) ਦੇ ਹੈੱਡ ਆਪ੍ਰੇਸ਼ਨਜ਼ ਮੈਨੇਜਮੈਂਟ ਤੇ ਸੀਐਸਆਰ ਸੁਸ਼ੀਲ ਖੋਸਲਾ ਗ੍ਰਾਂਟ ਥੋਰਨਟਨ ਭਾਰਤ ਐਲਐਲਪੀ ਦੇ ਚੀਫ਼ ਰਨਿੰਗ ਆਫੀਸਰ ਅੰਕਿਤ ਝਾਂਬ ਅਤੇ ਫਰੈਕਟਲ ਦੇ ਏਪੀਏਸੀ ਅਤੇ ਜੀਸੀਸੀ, ਉਤਪਾਦ, ਗ੍ਰੋਥ ਤੇ ਸਟ੍ਰੈਟੇਜੀ ਰਿਸ਼ੀ ਸੇਠ, ਫਿਲਿਪਸ ਇੰਡੀਆ ਦੇ ਸੀਐਫ਼ਓ ਦੇਵ ਤ੍ਰਿਪਾਠੀ ਅਤੇ ਅਮੈਰੀਕਨ ਐਕਸਪ੍ਰੈਸ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਟੈਲੇਂਟ ਐਕਵਾਜ਼ੀਸ਼ਨ ਡਾਇਰੈਕਟਰ ਡਾ. ਸਚਿਨ ਗੁਲਾਟੀ, ਚੰਡੀਗੜ੍ਹ ਯੂਨੀਵਰਸਿਟੀ ਦੇ ਸੀਨੀਅਰ ਮੈਨੇਜਿੰਗ ਡਾਇਰੈਕਟਰ ਦੀਪਇੰਦਰ ਸਿੰਘ ਸੰਧੂ ਚਾਂਸਲਰ ਦੇ ਸਲਾਹਕਾਰ ਪ੍ਰੋ. (ਡਾ.) ਆਰਐਸ ਬਾਵਾ ਸਮੇਤ ਉਦਯੋਗਿਕ ਅਤੇ ਅਕਾਦਮਿਕ ਜਗਤ ਦੀਆਂ ਕਈ ਹੋਰ ਉੱਘੀਆਂ ਸ਼ਖ਼ਸੀਅਤਾਂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ ਕਾਬਲੀਅਤ ਅਤੇ ਹੁਨਰ ਨੂੰ ਬਣਦਾ ਮਾਣ ਸਤਿਕਾਰ ਦੇਣ ਦੀ ਚੰਡੀਗੜ੍ਹ ਯੂਨੀਵਰਸਿਟੀ ਦੀ ਨਿਵੇਕਲੀ ਕੋਸ਼ਿਸ਼ ਤਹਿਤ 'ਸੀਯੂ ਸਕਾਲਰਜ਼ ਸਮਿਟ 2026' ਦੀ ਸ਼ੁਰੂਆਤ ਯੂਨੀਵਰਸਿਟੀ ਦੇ ਐਡਮਿਸ਼ਨ-ਕਮ-ਸਕਾਲਰਸ਼ਿਪ ਐਂਟਰੈਂਸ ਟੈਸਟ 'ਚੰਡੀਗੜ੍ਹ ਯੂਨੀਵਰਸਿਟੀ ਕੌਮਨ ਐਂਟਰੈਂਸ ਟੈਸਟ 2026' ਦੇ ਟੌਪਰਾਂ ਨੂੰ ਸਨਮਾਨਿਤ ਕਰਨ ਦੇ ਨਾਲ ਹੋਈ ਇਸ ਸਮਿਟ ਵਿੱਚ ਦੇਸ਼-ਵਿਦੇਸ਼ ਦੀਆਂ ਨਾਮੀ ਕੰਪਨੀਆਂ ਦੇ ਸੀਈਓ, ਪ੍ਰੈਜ਼ੀਡੈਂਟ/ਵਾਈਸ ਪ੍ਰੈਜ਼ੀਡੈਂਟ, ਉਦਯੋਗ ਜਗਤ ਦੇ ਲੀਡਰ ਅਤੇ ਪ੍ਰਸਿੱਧ ਬਾਲੀਵੁੱਡ ਕਲਾਕਾਰਾਂ ਨੇ ਹਿੱਸਾ ਲਿਆ ਇਨ੍ਹਾਂ ਦਿੱਗਜ ਹਸਤੀਆਂ ਨੇ ਵਿਦਿਆਰਥੀਆਂ ਨਾਲ ਆਪਣੇ ਅਨੁਭਵ ਅਤੇ ਵਿਚਾਰ ਸਾਂਝੇ ਕੀਤੇ ਤਾਂ ਜੋ ਤੇਜ਼ੀ ਨਾਲ ਬਦਲ ਰਹੀ ਇੰਡਸਟਰੀ ਦੇ ਮੁਤਾਬਕ ਵਿਦਿਆਰਥੀ ਆਪਣੇ ਆਪ ਨੂੰ ਭਵਿੱਖ ਦੀਆਂ ਨਵੀਆਂ ਅਤੇ ਬਦਲਦੀਆਂ ਨੌਕਰੀਆਂ ਲਈ ਤਿਆਰ ਕਰ ਸਕਣ ਇਸ ਸਮਿਟ ਵਿੱਚ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ,ਹਿਮਾਚਲ ਪ੍ਰਦੇਸ਼,ਚੰਡੀਗੜ੍ਹ,ਦਿੱਲੀ,ਬਿਹਾਰ,ਰਾਜਸਥਾਨ,ਜੰਮੂ ਕਸ਼ਮੀਰ ਉੱਤਰਾਖੰਡ,ਮੱਧ ਪ੍ਰਦੇਸ਼, ਝਾਰਖੰਡ,ਛੱਤੀਸਗੜ੍ਹ, ਨੌਰਥ ਈਸਟ ਯਾਨਿ ਉੱਤਰ ਪੂਰਬੀ ਸੂਬੇ,ਮਹਾਂਰਾਸ਼ਟਰ,ਓਡੀਸ਼ਾ, ਕੇਰਲਾ,ਆਂਧਰਾ ਪ੍ਰਦੇਸ਼ ਸਮੇਤ ਦੇਸ਼ ਦੇ 22 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਚੁਣੇ ਗਏ ਵੱਖ-ਵੱਖ ਸਟ੍ਰੀਮਜ਼ ਦੇ ਲਗਭਗ 3,000 ਵਿਦਿਆਰਥੀ ਸ਼ਾਮਲ ਹੋਏ ਤੀਜੇ ਸੀਯੂ ਸਕਾਲਰਸ਼ਿਪ ਸਮਿਟ 2026 ਦੌਰਾਨ ਮਾਹੌਲ ਕਾਫ਼ੀ ਰੌਣਕ ਭਰਿਆ ਰਿਹਾਜਿੱਥੇ ਪ੍ਰੇਰਣਾਦਾਇਕ ਬੁਲਾਰਿਆਂ ਉਦਯੋਗ ਮਾਹਰਾਂ ਅਤੇ ਸੈਲੀਬ੍ਰਿਟੀਜ਼ ਨਾਲ ਬੇਹੱਦ ਦਿਲਚਸਪ ਅਤੇ ਸਿੱਖਿਆਦਾਇਕ ਇੰਟਰਐਕਟਿਵ ਸੈਸ਼ਨ ਕਰਵਾਏ ਗਏ ਇਨ੍ਹਾਂ ਹਸਤੀਆਂ ਵਿੱਚ ਪ੍ਰਸਿੱਧ ਕਾਮੇਡੀਅਨ ਅਤੇ ਅਦਾਕਾਰ ਕੀਕੂ ਸ਼ਾਰਦਾ, ਹਿਤਾਚੀ ਸਿਸਟਮਜ਼ ਇੰਡੀਆ ਦੇ ਸੀਨੀਅਰ ਉੱਪ ਪ੍ਰਧਾਨ ਅਤੇ ਗਲੋਬਲ ਹੈੱਡ ਮਨਦੀਪ ਸਿੰਘ, ਕੈਲਟਨ ਟੈੱਕ ਸਾਲਿਊਸ਼ਨਜ਼ ਲਿਮਟਿਡ ਦੇ ਉੱਪ ਪ੍ਰਧਾਨ (ਟੈਕਨਾਲੋਜੀ) ਸੁਸ਼ੀਲ ਕੁਮਾਰ ਤ੍ਰਿਪਾਠੀ ਅਤੇ ਐਨਐਸਆਈਐਲ/ਇਸਰੋ ਦੇ ਜਨਰਲ ਮੈਨੇਜਰ (ਸੈਟੇਲਾਈਟ) ਡਾ. ਐਸ ਮੰਗੇਸ਼ ਵਰਗੇ ਵੱਡੇ ਨਾਮ ਸ਼ਾਮਲ ਸਨ ਆਪਣੇ ਮੁੱਖ ਭਾਸ਼ਣ ਦੌਰਾਨ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਪੰਜਾਬ ਦੇ ਰਾਜਪਾਲ ਕਟਾਰੀਆ ਨੇ ਕਿਹਾ ਭਾਰਤ ਦੇ ਨੌਜਵਾਨਾਂ ਨੂੰ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਸਿਰਫ਼ ਪੱਛਮੀ ਮੁਲਕਾਂ ਉੱਪਰ ਹੀ ਨਿਰਭਰ ਨਹੀਂ ਰਹਿਣਾ ਚਾਹੀਦਾ ਸਗੋਂ ਆਪਣੇ ਦੇਸ਼ ਦੀ ਅਮੀਰ ਅਤੇ ਡੂੰਘੀਆਂ ਜੜ੍ਹਾਂ ਵਾਲੀ ਗਿਆਨ ਵਿਰਾਸਤ ਨਾਲ ਵੀ ਦੁਬਾਰਾ ਜੁੜਨਾ ਚਾਹੀਦਾ ਹੈ ਤੁਸੀਂ ਕੋਈ ਆਮ ਵਿਦਿਆਰਥੀ ਨਹੀਂ ਹੋ, ਤੁਸੀਂ ਮਹਾਨ ਆਰੀਆਭੱਟ,ਚਰਕ, ਸੁਸ਼ਰੁਤ, ਪਾਣਿਨੀ ਅਤੇ ਚਾਣਕਿਆ ਵਰਗੇ ਯੁੱਗ ਪੁਰਸ਼ਾਂ ਦੀ ਬੌਧਿਕ ਅਤੇ ਵਿਗਿਆਨਕ ਵਿਰਾਸਤ ਦੇ ਸਿੱਧੇ ਵਾਰਸ ਹੋ ਤੁਹਾਡੇ ਅੰਦਰ ਵੀ ਉਹੀ ਚਮਕ,ਖੋਜ ਦੀ ਕੁਸ਼ਲਤਾ ਅਤੇ ਜਗਿਆਸਾ ਦੀ ਭਾਵਨਾ ਲੁਕੀ ਹੋਈ ਹੈ ਜੋ 21ਵੀਂ ਸਦੀ ਵਿੱਚ ਭਾਰਤ ਨੂੰ ਇੱਕ ਵਾਰ ਫ਼ਿਰ 'ਵਿਸ਼ਵ ਗੁਰੂ' ਵਜੋਂ ਗਲੋਬਲ ਲੀਡਰਸ਼ਿਪ ਦੇ ਸਿਖ਼ਰ ਤੱਕ ਲੈਕੇ ਜਾਵੇਗੀ ਚੰਡੀਗੜ੍ਹ ਯੂਨੀਵਰਸਿਟੀ ਦੀਆ ਸਕਾਲਰਸ਼ਿਪ ਸਕੀਮਾਂ ਦੀ ਦਿਲੋਂ ਸ਼ਲਾਘਾ ਕਰਦਿਆਂ ਰਾਜਪਾਲ ਕਟਾਰੀਆ ਨੇ ਅੱਗੇ ਕਿਹਾ ਇਸ ਸਾਲ ਵੀ ਯੂਨੀਵਰਸਿਟੀ ਵੱਲੋਂ ਕੁੱਲ 7,000 ਹੋਣਹਾਰ ਵਿਦਿਆਰਥੀਆਂ ਨੂੰ ਲਗਭਗ 200 ਕਰੋੜ ਰੁਪਏ ਦੀ ਸਕਾਲਰਸ਼ਿਪ ਦਿੱਤੀ ਜਾ ਰਹੀ ਹੈ, ਜਿਸ ਵਿੱਚੋਂ 2,800 ਸਾਡੀਆਂ ਧੀਆਂ ਹਨ ਸਮਾਜ ਵਿੱਚ ਸਮਾਨਤਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਹੁਲਾਰਾ ਦੇਣ ਵੱਲ ਇਹ ਇੱਕ ਬਹੁਤ ਹੀ ਮਜ਼ਬੂਤ ਅਤੇ ਮਿਸਾਲੀ ਕਦਮ ਹੈ। ਯੂਨੀਵਰਸਿਟੀ ਹੁਣ ਤੱਕ ਸੀਯੂ-ਸੀਈਟੀ ਸਕਾਲਰਸ਼ਿਪ ਸਕੀਮ ਤਹਿਤ ਲਗਭਗ 50,000 ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇ ਚੁੱਕੀ ਹੈ। ਪਿਛਲੇ 13 ਸਾਲਾਂ ਦੌਰਾਨ, ਚੰਡੀਗੜ੍ਹ ਯੂਨੀਵਰਸਿਟੀ ਨੇ ਵੱਖ-ਵੱਖ ਹੋਰ ਕੈਟਾਗਰੀਆਂ ਦੇ ਅਧੀਨ ਲਗਭਗ 2.5 ਲੱਖ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਹੈ, ਜਿਨ੍ਹਾਂ ਵਿੱਚੋਂ 82,000 ਤੋਂ ਵੱਧ ਸਾਡੀਆਂ ਧੀਆਂ ਹਨ ਇਹ ਹੈਰਾਨੀਜਨਕ ਅੰਕੜਾ ਇਸ ਗੱਲ ਦਾ ਪੁਖ਼ਤਾ ਸਬੂਤ ਹੈ ਕਿ ਯੂਨੀਵਰਸਿਟੀ ਦੀ ਨੇਕ ਸੋਚ ਅਤੇ ਦ੍ਰਿੜ ਇਰਾਦਾ ਮਾਣਯੋਗ ਪ੍ਰਧਾਨ ਮੰਤਰੀ ਦੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਦੇ ਨਾਹਰੇ ਨੂੰ ਅਸਲ ਜ਼ਮੀਨੀ ਹਕੀਕਤ ਵਿੱਚ ਬਦਲ ਰਿਹਾ ਹੈ ਇਸ ਮੌਕੇ ਆਪਣੇ ਸੰਬੋਧਨ ਵਿੱਚ ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਸੀਨੀਅਰ ਮੈਨੇਜਿੰਗ ਡਾਇਰੈਕਟਰ ਦੀਪਇੰਦਰ ਸਿੰਘ ਸੰਧੂ ਨੇ ਕਿਹਾ,ਚੰਡੀਗੜ੍ਹ ਯੂਨੀਵਰਸਿਟੀ ਨੇ ਹਮੇਸ਼ਾ ਹੋਣਹਾਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੇ ਰਾਹ ਵਿੱਚ ਆਉਣ ਵਾਲੀਆਂ ਵਿੱਤੀ ਰੁਕਾਵਟਾਂ ਨੂੰ ਦੂਰ ਕਰਨ ਦਾ ਯਤਨ ਕੀਤਾ ਹੈ ਸੀਯੂ-ਸੀਈਟੀ ਰਾਹੀਂ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਇਹ ਸਕਾਲਰਸ਼ਿਪ ਸਿਰਫ਼ ਇੱਕ ਆਰਥਿਕ ਮਦਦ ਨਹੀਂ ਹੈ ਸਗੋਂ ਇਹ ਉਹਨਾਂ ਦੀ ਯੋਗਤਾ ਦਾ ਸਨਮਾਨ ਹੈ ਇਹ ਉਹਨਾਂ ਦੀ ਸਖ਼ਤ ਮਿਹਨਤ, ਉਹਨਾਂ ਦੇ ਮਾਪਿਆਂ ਦੀਆਂ ਕੁਰਬਾਨੀਆਂ ਅਤੇ ਉਹਨਾਂ ਦੇ ਸੁਪਨਿਆਂ ਦਾ ਪ੍ਰਤੀਕ ਹੈ ਸਕਾਲਰਸ਼ਿਪ ਮਿਲਣਾ ਇੱਕ ਵੱਡੀ ਪ੍ਰਾਪਤੀ ਜ਼ਰੂਰ ਹੈ, ਪਰ ਇਸ ਦਾ ਅਸਲ ਮਕਸਦ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਹੈ। ਇਸ ਲਈ, ਚੰਡੀਗੜ੍ਹ ਯੂਨੀਵਰਸਿਟੀ ਸੀਯੂ-ਸੀਈਟੀ-2026 ਸਕਾਲਰਸ਼ਿਪ ਦਾ ਮੁੱਖ ਉਦੇਸ਼ ਹੋਣਹਾਰ ਅਤੇ ਆਰਥਿਕ ਤੌਰ 'ਤੇ ਪੱਛੜੇ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਵਿੱਤੀ ਤੰਗੀ ਦੇ ਵਿਸ਼ਵ ਪੱਧਰੀ ਸਿੱਖਿਆ ਹਾਸਲ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ।" ਇਸ ਸਮਿਟ ਦਾ ਇੱਕ ਸਭ ਤੋਂ ਖਾਸ ਅਤੇ ਮੁੱਖ ਆਕਰਸ਼ਣ ਚੰਡੀਗੜ੍ਹ ਯੂਨੀਵਰਸਿਟੀ ਦੇ ਵਿਸ਼ਾਲ ਕੈਂਪਸ ਦਾ ਗਾਈਡ ਟੂਰ (ਸਰਵੇਖਣ) ਰਿਹਾ। ਇਸ ਦੌਰਾਨ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀਆਂ ਆਧੁਨਿਕ ਅਤੇ ਹਾਈ-ਟੈਕ ਲੈਬਾਰਟਰੀਆਂ,ਵਿਸ਼ਵ ਪੱਧਰੀ ਸਹੂਲਤਾਂ ਅਤੇ ਬਿਹਤਰੀਨ ਸਿੱਖਿਆ ਕੇਂਦਰਾਂ ਨੂੰ ਨੇੜਿਓਂ ਦੇਖਣ ਅਤੇ ਸਮਝਣ ਦਾ ਮੌਕਾ ਮਿਲਿਆ ਜਿਸ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ

# ਬੰਬ ਧਮਾਕੇ ਦੀ ਧਮਕੀ ਤੋਂ ਬਾਅਦ ਡੇਰਾਬੱਸੀ ਸਮੇਤ ਸੈਸ਼ਨ ਡਿਵੀਜ਼ਨ ਦੀਆਂ ਅਦਾਲਤਾਂ 'ਚ ਹਾਈ ਅਲਰਟ




*ਨਿਊਜ਼ਲਾਈਨ ਐਕਸਪ੍ਰੈਸ -*

**ਡੇਰਾਬੱਸੀ/ਸੰਜੈ ਸਾਸਨ** - ਐੱਸ. ਏ.ਐੱਸ. ਨਗਰ ਸੈਸ਼ਨ ਡਿਵੀਜ਼ਨ ਨੂੰ ਬੰਬ ਧਮਾਕੇ ਦੀ ਧਮਕੀ ਭਰੀ ਈ-ਮੇਲ ਮਿਲਣ ਤੋਂ ਬਾਅਦ ਮੋਹਾਲੀ, ਖਰੜ ਅਤੇ ਡੇਰਾਬੱਸੀ ਦੀਆਂ ਅਦਾਲਤਾਂ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ। ਧਮਕੀ ਦੇ ਮੱਦੇਨਜ਼ਰ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਜਾਰੀ ਹੁਕਮਾਂ ਅਨੁਸਾਰ 3 ਤੋਂ 5 ਜੂਨ ਤੱਕ ਅਦਾਲਤੀ ਕੰਪਲੈਕਸਾਂ ਵਿੱਚ ਆਮ ਲੋਕਾਂ ਦੇ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ।

ਹੁਕਮਾਂ ਮੁਤਾਬਕ ਕੇਵਲ ਕੇਸਾਂ ਨਾਲ ਸਬੰਧਿਤ ਧਿਰਾਂ ਅਤੇ ਦੋਸ਼ੀਆਂ ਨੂੰ ਹੀ ਅਦਾਲਤਾਂ ਵਿੱਚ ਦਾਖਲ ਹੋਣ ਦੀ ਇਜਾਜ਼ਤ ਹੋਵੇਗੀ। ਸੁਰੱਖਿਆ ਕਰਮਚਾਰੀਆਂ ਨੂੰ ਹਰ ਆਉਣ ਵਾਲੇ ਵਿਅਕਤੀ ਦੀ ਸਖ਼ਤੀ ਨਾਲ ਤਲਾਸ਼ੀ ਲੈਣ ਦੇ ਨਿਰਦੇਸ਼ ਦਿੱਤੇ ਗਏ ਹਨ।

ਪੁਲਿਸ ਵੱਲੋਂ ਅਦਾਲਤੀ ਕੰਪਲੈਕਸਾਂ ਦੀ ਪੂਰੀ ਤਲਾਸ਼ੀ ਅਤੇ ਸੁਰੱਖਿਆ ਜਾਂਚ ਮੁਕੰਮਲ ਹੋਣ ਤੱਕ ਕਿਸੇ ਨੂੰ ਵੀ ਅੰਦਰ ਜਾਣ ਦੀ ਆਗਿਆ ਨਹੀਂ ਹੋਵੇਗੀ। ਅਦਾਲਤਾਂ ਦਾ ਕੰਮਕਾਜ ਵੀ ਪੁਲਿਸ ਵੱਲੋਂ ਕਲੀਅਰੈਂਸ ਮਿਲਣ ਤੋਂ ਬਾਅਦ ਹੀ ਸ਼ੁਰੂ ਕੀਤਾ ਜਾਵੇਗਾ।

ਇਸ ਦੌਰਾਨ ਨਿਆਂਇਕ ਅਧਿਕਾਰੀਆਂ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਵਧੇਰੇ ਚੌਕਸ ਰਹਿਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਤੁਰੰਤ ਸੂਚਨਾ ਦੇਣ ਲਈ ਕਿਹਾ ਗਿਆ ਹੈ। ਧਮਕੀ ਭਰੀ ਈ-ਮੇਲ ਤੋਂ ਬਾਅਦ ਪੂਰੇ ਸੈਸ਼ਨ ਡਿਵੀਜ਼ਨ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਇਹ ਧਮਕੀ ਭਰੀ ਈ-ਮੇਲ 1 ਜੂਨ ਨੂੰ ਪ੍ਰਾਪਤ ਹੋਈ ਸੀ।

ਗੌਰਤਲਬ ਹੈ ਕਿ ਅਦਾਲਤਾਂ ਵਿੱਚ ਭਾਵੇਂ ਇੱਕ ਮਹੀਨੇ ਦੀਆਂ ਛੁੱਟੀਆਂ ਚੱਲ ਰਹੀਆਂ ਹਨ, ਪਰ ਅਪਰਾਧਿਕ ਮਾਮਲਿਆਂ ਅਤੇ ਨਵੇਂ ਕੇਸਾਂ ਦੀ ਸੁਣਵਾਈ ਜਾਰੀ ਹੈ।

ਥਾਣਾ ਮੁਖੀ ਸੁਮਿਤ ਮੋਰ ਨੇ ਦੱਸਿਆ ਕਿ ਧਮਕੀ ਮਿਲਣ ਤੋਂ ਬਾਅਦ ਕੋਰਟ ਕੰਪਲੈਕਸ ਦੀ ਬਾਰੀਕੀ ਨਾਲ ਤਲਾਸ਼ੀ ਅਤੇ ਜਾਂਚ ਕੀਤੀ ਗਈ ਹੈ।

ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਵਸਤੂ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਅਗਲੇ ਕੁਝ ਦਿਨਾਂ ਤੱਕ ਹਰ ਰੋਜ਼ ਇਸੇ ਤਰ੍ਹਾਂ ਦਾ ਤਲਾਸ਼ੀ ਅਭਿਆਨ ਜਾਰੀ ਰਹੇਗਾ।

# ਮਹਿਕਪ੍ਰੀਤ ਦਾ ਏਅਰ ਫੋਰਸ ਅਕੈਡਮੀ ਦੀ ਮੈਰਿਟ ਸੂਚੀ 'ਚ ਪਹਿਲਾ ਰੈਂਕ

**ਕੋਮਲਪ੍ਰੀਤ ਕੌਰ ਨੇ ਐੱਨ ਡੀ ਏ ਵਿੱਚ ਦਾਖ਼ਲੇ ਲਈ ਦੇਸ਼ ਚੋਂ 18ਵਾਂ ਰੈਂਕ ਹਾਸਲ ਕੀਤਾ**



*- ਨਿਊਜ਼ਲਾਈਨ ਐਕਸਪ੍ਰੈਸ -*



**ਕੁਰਾਲੀ** - ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਮੁਹਾਲੀ ਦੀ ਕੈਡਿਟ ਮਹਿਕਪ੍ਰੀਤ ਕੌਰ ਨੇ ਏਅਰ ਫੋਰਸ ਅਕੈਡਮੀ ਦੀ ਮੈਰਿਟ ਸੂਚੀ ਵਿੱਚ ਦੇਸ਼ ਭਰ ਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ ਇਸੇ ਸੰਸਥਾ ਦੀ ਦੂਜੀ ਕੈਡਿਟ ਕੋਮਲਪ੍ਰੀਤ ਕੌਰ ਨੇ ਵੱਕਾਰੀ ਨੈਸ਼ਨਲ ਡਿਫੈਂਸ ਅਕੈਡਮੀ (ਐੱਨ ਡੀ ਏ) ਖੜਕਵਾਸਲਾ ਵਿੱਚ ਦਾਖ਼ਲੇ ਲਈ ਦੇਸ਼ ਭਰ ਚੋਂ 18ਵਾਂ ਰੈਂਕ ਹਾਸਲ ਕੀਤਾ ਕੈਡਿਟ ਮਹਿਕਪ੍ਰੀਤ ਕੌਰ ਰੂਪਨਗਰ ਦੇ ਪਿੰਡ ਪਪਰਾਲੀ ਦੇ ਕਿਸਾਨ ਅਮਰਜੀਤ ਸਿੰਘ ਅਤੇ ਰੁਪਿੰਦਰ ਕੌਰ ਦੀ ਧੀ ਹੈ ਜਦੋਂਕਿ ਕੋਮਲਪ੍ਰੀਤ ਕੌਰ ਅੰਮ੍ਰਿਤਸਰ ਦੇ ਪਿੰਡ ਸ਼ਹੂਰਾ ਦੇ ਗੁਰਮੀਤ ਸਿੰਘ ਅਤੇ ਬਲਜੀਤ ਕੌਰ ਦੀ ਧੀ ਹੈ ਕੋਮਲਪ੍ਰੀਤ ਕੌਰ ਦੇ ਪਿਤਾ ਭਾਰਤੀ ਫੌਜ ਚ ਹੌਲਦਾਰ ਹਨ ਇਸ ਦੌਰਾਨ ਕੈਬਨਿਟ ਮੰਤਰੀ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੋਵੇਂ ਕੈਡਿਟਾਂ ਨੂੰ ਵਧਾਈ ਦਿੱਤੀ ਮਾਈ ਭਾਗੋ ਏ ਐੱਫ ਪੀ ਆਈ ਦੇ ਡਾਇਰੈਕਟਰ ਤੇ ਸੇਵਾਮੁਕਤ ਮੇਜਰ ਜਨਰਲ ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਰੱਖਿਆ ਸੇਵਾਵਾਂ ਵਿਚ ਔਰਤਾਂ ਲਈ ਨਾ-ਮਾਤਰ ਅਸਾਮੀਆਂ ਦੇ ਬਾਵਜੂਦ ਪਹਿਲਾ ਆਲ ਇੰਡੀਆ ਰੈਂਕ ਪ੍ਰਾਪਤ ਕਰਨਾ ਵੱਡੀ ਪ੍ਰਾਪਤੀ ਹੈ ਮਹਿਕਪ੍ਰੀਤ ਅਤੇ ਕੋਮਲਪ੍ਰੀਤ ਦੀ ਇਸ ਪ੍ਰਾਪਤੀ ਨੇ ਹਥਿਆਰਬੰਦ ਸੈਨਾਵਾਂ ਚ ਸੂਬੇ ਦੀਆਂ ਹੋਰ ਲੜਕੀਆਂ ਨੂੰ ਭੇਜਣ ਸਬੰਧੀ ਸਰਕਾਰ ਦੇ ਯਤਨਾਂ ਨੂੰ ਵੱਡਾ ਹੁਲਾਰਾ ਦਿੱਤਾ ਹੈ।

# ਕਬੂਤਰਾਂ ਨੂੰ ਦਾਣਾ ਪਾਉਣ ਗਏ ਨੌਜਵਾਨ 'ਤੇ ਰਿਸ਼ਤੇਦਾਰਾਂ ਦਾ ਜਾਨਲੇਵਾ ਹਮਲਾ, ਤਿੰਨ ਖ਼ਿਲਾਫ਼ ਕੇਸ ਦਰਜ

*- ਨਿਊਜ਼ਲਾਈਨ ਐਕਸਪ੍ਰੈਸ - ਸੰਜੈ ਸਾਸਨ*

**ਡੇਰਾਬੱਸੀ** - ਡੇਰਾਬੱਸੀ ਦੇ ਵਾਰਡ ਨੰਬਰ 18 ਵਿੱਚ ਉਸ ਵੇਲੇ ਚੀਕ ਚਿਹਾੜਾ ਪੈ ਗਿਆ ਜਦੋਂ ਕਬੂਤਰਾਂ ਨੂੰ ਦਾਣਾ ਪਾਉਣ ਗਏ ਇੱਕ ਨੌਜਵਾਨ 'ਤੇ ਉਸ ਦੇ ਹੀ ਸਕੇ ਰਿਸ਼ਤੇਦਾਰਾਂ ਨੇ ਜਾਨਲੇਵਾ ਹਮਲਾ ਕਰ ਦਿੱਤਾ। ਪੁਰਾਣੀ ਰੰਜਿਸ਼ ਕਾਰਨ ਹੋਏ ਇਸ ਖ਼ੂਨੀ ਟਕਰਾਅ ਵਿੱਚ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ ।ਪੁਲਿਸ ਨੇ ਸ਼ਿਕਾਇਤ ਮਿਲਣ ਤੇ ਤਿੰਨ ਲੋਕਾਂ ਖ਼ਿਲਾਫ਼ ਨਵੇਂ ਕਾਨੂੰਨ ਤਹਿਤ ਸੰਗੀਨ ਧਾਰਾਵਾਂ ਵਿੱਚ ਮਾਮਲਾ ਦਰਜ ਕੀਤਾ ਹੈ।

ਮਾਮਲੇ ਦੀ ਜਾਣਕਾਰੀ ਦਿੰਦਿਆਂ ਆਜ਼ਾਦ ਨਗਰ ਬਰਵਾਲਾ ਰੋਡ ਦੇ ਰਹਿਣ ਵਾਲੇ ਮੁਹੰਮਦ ਅਹਿਸਾਨ (30) ਨੇ ਦੱਸਿਆ ਕਿ ਉਹ ਐਤਵਾਰ ਵਾਲੇ ਦਿਨ ਵਾਰਡ ਨੰਬਰ 18 ਵਿੱਚ ਸਥਿਤ ਆਪਣੇ ਪੁਰਾਣੇ ਮਕਾਨ ਵਿੱਚ ਰੱਖੇ ਕਬੂਤਰਾਂ ਨੂੰ ਚੋਗਾ ਪਾਉਣ ਗਿਆ ਸੀ। ਜਿਵੇਂ ਹੀ ਉਹ ਦਾਣਾ ਪਾ ਕੇ ਗਲੀ ਵਿੱਚ ਆਇਆ, ਤਾਂ ਪਹਿਲਾਂ ਤੋਂ ਹੀ ਘਾਤ ਲਾ ਕੇ ਬੈਠੇ ਉਸ ਦੇ ਤਾਏ ਦੇ ਲੜਕੇ ਗੁਫਾਰ ਅਲੀ, ਉਸਦੀ ਪਤਨੀ ਪ੍ਰਵੀਨ ਅਤੇ ਤਾਈ ਸਲਾਮਤੀ ਨੇ ਉਸ ਨੂੰ ਚਾਰੋਂ ਤਰਫ਼ੋਂ ਘੇਰ ਲਿਆ। ਮੁਲਜ਼ਮਾਂ ਨੇ ਆਉਂਦਿਆਂ ਹੀ ਗਾਲ੍ਹਾਂ ਦੀ ਬੌਛਾਰ ਕਰ ਦਿੱਤੀ ਅਤੇ ਅਹਿਸਾਨ 'ਤੇ ਟੁੱਟ ਪਏ।

ਝਗੜਾ ਇੰਨਾ ਵਧ ਗਿਆ ਕਿ ਮੁਲਜ਼ਮਾਂ ਨੇ ਬੇਰਹਿਮੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਜਦੋਂ ਅਹਿਸਾਨ ਮਾਰਕੁੱਟ ਕਾਰਨ ਜ਼ਮੀਨ 'ਤੇ ਡਿੱਗ ਪਿਆ, ਤਾਂ ਗੁਫਾਰ ਅਲੀ ਨੇ ਆਪਣੇ ਹੱਥ ਵਿੱਚ ਫੜਿਆ ਹੋਇਆ ਲੋਹੇ ਦਾ ਕੋਈ ਤਿੱਖਾ ਹਥਿਆਰ ਸਿੱਧਾ ਅਹਿਸਾਨ ਦੇ ਮਾਰਿਆ, ਜੋ ਉਸ ਦੇ ਹੱਥ ਦੀਆਂ ਉਂਗਲਾਂ ਨੂੰ ਚੀਰਦਾ ਹੋਇਆ ਲੰਘ ਗਿਆ। ਗਲੀ ਵਿੱਚ ਚੀਕ-ਚਿਹਾੜਾ ਸੁਣ ਕੇ ਆਸ-ਪਾਸ ਦੇ ਦੁਕਾਨਦਾਰ ਅਤੇ ਲੋਕ ਮੌਕੇ 'ਤੇ ਇਕੱਠੇ ਹੋ ਗਏ, ਜਿਨ੍ਹਾਂ ਨੇ ਬੜੀ ਮੁਸ਼ਕਲ ਨਾਲ ਅਹਿਸਾਨ ਨੂੰ ਹਮਲਾਵਰਾਂ ਦੇ ਚੁੰਗਲ ਵਿੱਚੋਂ ਛੁਡਵਾਇਆ। ਲਹੂ-ਲੁਹਾਨ ਹਾਲਤ ਵਿੱਚ ਅਹਿਸਾਨ ਦੇ ਭਤੀਜੇ ਸਾਹਿਲ ਨੇ ਤੁਰੰਤ ਉਸ ਨੂੰ ਡੇਰਾਬੱਸੀ ਦੇ ਸਿਵਲ ਹਸਪਤਾਲ ਪਹੁੰਚਾਇਆ, ਪਰ ਹੱਥ ਦੀ ਹਾਲਤ ਬਹੁਤ ਜ਼ਿਆਦਾ ਖਰਾਬ ਹੋਣ ਕਾਰਨ ਡਾਕਟਰਾਂ ਨੇ ਉਸ ਨੂੰ ਫਸਟ-ਏਡ ਦੇ ਕੇ ਜੀਐਮਸੀਐਚ ਸੈਕਟਰ 32 ਚੰਡੀਗੜ੍ਹ ਰੈਫਰ ਕਰ ਦਿੱਤਾ, ਜਿੱਥੇ ਉਸ ਨੂੰ ਇਲਾਜ ਮਗਰੋਂ ਹੁਣ ਛੁੱਟੀ ਹੋ ਗਈ। ਦੂਜੇ ਪਾਸੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਥਾਣਾ ਡੇਰਾਬੱਸੀ ਦੇ ਤਫਤੀਸ਼ੀ ਅਫ਼ਸਰ ਏਐਸਆਈ ਮਲਕੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਗੁਫਾਰ ਅਲੀ, ਪ੍ਰਵੀਨ ਅਤੇ ਸਲਾਮਤੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਤਿੰਨੋਂ ਮੁਲਜ਼ਮ ਘਰੋਂ ਫਰਾਰ ਦੱਸੇ ਜਾ ਰਹੇ ਹਨ।


ਖ਼ਬਰ ਸਫ਼ਾ 4 'ਤੇ

ਰੋਜ਼ਾਨਾ
# ਨਿਊਜ਼ਲਾਈਨ ਐਕਸਪ੍ਰੈਸ
ਪਟਿਆਲਾ

Website : newslineexpress.com

News Editor
Ashok Verma

Newsline Express, Patiala

Email: newslineexpress@gmail.com


ਖ਼ਬਰ ਸਫ਼ਾ 4 'ਤੇ

RNI NO. 64852 ਰਜਿ. ਨੰ : 64852 * Year : 32 ਸਾਲ : 32 No * ਅੰਕ 125 * Date 04 June 2026 THURSDAY ਮਿਤੀ 4 ਜੂਨ 2026 ਦਿਨ ਵੀਰਵਾਰ * ਮੁੱਲ 5 ਰੁਪਏ * ਮੋਬਾਇਲ 90234-56700


## ਸੇਵਾ ਕੇਂਦਰ ਮੁਲਾਜ਼ਮਾਂ ਦੀ ਕਲਮਛੋੜ ਹੜਤਾਲ ਅੱਠਵੇਂ ਦਿਨ ਵੀ ਜਾਰੀ, ਸਰਕਾਰ ਤੇ ਕੰਪਨੀ ਖ਼ਿਲਾਫ਼ ਰੋਸ ਵਧਿਆ

*ਭਾਨਾ ਸਿੱਧੂ ਵੀ ਨੇ ਧਰਨੇ ਪ੍ਰਦਰਸ਼ਨ ਵਿੱਚ ਸ਼ਾਮਲ ਹੋ ਕੇ ਮੁਲਾਜ਼ਮਾਂ ਦੇ ਸੰਘਰਸ਼ ਨੂੰ ਦਿੱਤਾ ਸਮਰਥਨ, ਪ੍ਰਸ਼ਾਸਨ ਦੇ ਕਿਸੇ ਵੀ ਉੱਚ ਅਧਿਕਾਰੀ, ਮੰਤਰੀ ਜਾਂ ਵਿਧਾਇਕ ਨੇ ਹਾਲੇ ਤੱਕ ਧਰਨਾਕਾਰੀਆਂ ਦੀ ਕੋਈ ਸਾਰ ਨਹੀਂ ਲਈ : ਯੂਨੀਅਨ*

*- ਨਿਊਜ਼ਲਾਈਨ ਐਕਸਪ੍ਰੈਸ -*



**ਪਟਿਆਲਾ - ਰਵਿੰਦਰ ਕੁਮਾਰ ਬਾਲੀ -** ਆਪਣੀਆਂ ਮੰਗਾਂ ਨੂੰ ਲੈ ਕੇ ਸੇਵਾ ਕੇਂਦਰ ਮੁਲਾਜ਼ਮਾਂ ਦੀ ਕਲਮਛੋੜ ਹੜਤਾਲ ਮੰਗਲਵਾਰ ਨੂੰ ਅੱਠਵੇਂ ਦਿਨ ਵੀ ਜਾਰੀ ਰਹੀ। ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਮੁਲਾਜ਼ਮਾਂ ਨੇ ਧਰਨਾ ਦੇ ਕੇ ਸਰਕਾਰ ਅਤੇ ਪ੍ਰਬੰਧਕ ਕੰਪਨੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਧਰਨਾਕਾਰੀਆਂ ਨੇ ਦੋਸ਼ ਲਗਾਇਆ ਕਿ ਸੇਵਾ ਕੇਂਦਰ ਮੁਲਾਜ਼ਮ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਯੂਨੀਅਨ ਆਗੂਆਂ ਨੇ ਕਿਹਾ ਕਿ ਪ੍ਰਾਈਵੇਟ ਕੰਪਨੀ ਵੱਲੋਂ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਉਨ੍ਹਾਂ ਦੱਸਿਆ ਕਿ 29 ਮਈ ਨੂੰ ਕੰਪਨੀ ਵੱਲੋਂ ਜ਼ਿਲ੍ਹਾ ਪਟਿਆਲਾ ਦੇ 15 ਸੇਵਾ ਕੇਂਦਰ ਮੁਲਾਜ਼ਮਾਂ ਨੂੰ ਟਰਮੀਨੇਸ਼ਨ ਲੈਟਰ ਜਾਰੀ ਕਰਕੇ ਨੌਕਰੀ ਤੋਂ ਕੱਢ ਦਿੱਤਾ ਗਿਆ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਧਰਨੇ ਨੂੰ ਵੱਖ-ਵੱਖ ਕਿਸਾਨ ਜਥੇਬੰਦੀਆਂ ਅਤੇ ਸਮਾਜਿਕ ਤੇ ਰਾਜਨੀਤਿਕ ਆਗੂਆਂ ਦਾ ਸਮਰਥਨ ਮਿਲਿਆ। ਸਮਾਜ ਸੇਵੀ ਭਾਨਾ ਸਿੱਧੂ ਵੀ ਧਰਨੇ ਵਿੱਚ ਸ਼ਾਮਲ ਹੋਏ ਅਤੇ ਮੁਲਾਜ਼ਮਾਂ ਦੇ ਸੰਘਰਸ਼ ਨੂੰ ਆਪਣਾ ਪੂਰਾ ਸਮਰਥਨ ਦਿੱਤਾ। ਇਸ ਦੌਰਾਨ ਆਗੂਆਂ ਨੇ ਦੋਸ਼ ਲਗਾਇਆ ਕਿ ਪ੍ਰਸ਼ਾਸਨ ਦੇ ਕਿਸੇ ਵੀ ਉੱਚ ਅਧਿਕਾਰੀ, ਮੰਤਰੀ ਜਾਂ ਵਿਧਾਇਕ ਨੇ ਹਾਲੇ ਤੱਕ ਧਰਨਾਕਾਰੀਆਂ ਦੀ ਕੋਈ ਸਾਰ ਨਹੀਂ ਲਈ।

ਯੂਨੀਅਨ ਨੇ ਇਹ ਵੀ ਦਾਅਵਾ ਕੀਤਾ ਕਿ ਹੜਤਾਲ 'ਤੇ ਬੈਠੇ ਮੁਲਾਜ਼ਮਾਂ ਦੀ ਥਾਂ ਭਰਨ ਲਈ ਕੰਪਨੀ ਵੱਲੋਂ ਨਵੀਂ ਭਰਤੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਸ ਸਬੰਧੀ ਇਸ਼ਤਿਹਾਰ ਵੀ ਜਾਰੀ ਕੀਤੇ ਗਏ ਹਨ। ਮੁਲਾਜ਼ਮ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਹੜਤਾਲ ਕਾਰਨ ਲੋਕਾਂ ਦੇ ਕੰਮਕਾਜ ਪ੍ਰਭਾਵਿਤ

ਸੇਵਾ ਕੇਂਦਰ ਮੁਲਾਜ਼ਮਾਂ ਦੀ ਲਗਾਤਾਰ ਚੱਲ ਰਹੀ ਹੜਤਾਲ ਕਾਰਨ ਜਨਮ, ਮੌਤ ਅਤੇ ਆਮਦਨ ਸਰਟੀਫਿਕੇਟਾਂ ਸਮੇਤ ਹੋਰ ਸਰਕਾਰੀ ਸੇਵਾਵਾਂ ਨਾਲ ਸਬੰਧਤ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ। ਸੇਵਾ ਕੇਂਦਰਾਂ ਵਿੱਚ ਕੰਮ ਕਰਵਾਉਣ ਲਈ ਆਉਣ ਵਾਲੇ ਲੋਕਾਂ ਨੂੰ ਨਿਰਾਸ਼ ਹੋ ਕੇ ਵਾਪਸ ਮੁੜਨਾ ਪੈ ਰਿਹਾ ਹੈ, ਜਿਸ ਕਾਰਨ ਆਮ ਲੋਕਾਂ ਵਿੱਚ ਵੀ ਚਿੰਤਾ ਅਤੇ ਨਾਰਾਜ਼ਗੀ ਦੇਖਣ ਨੂੰ ਮਿਲ ਰਹੀ ਹੈ।

## ਸਾਂਝ ਕੇਂਦਰਾਂ ਦੀ ਮਾੜੀ ਹਾਲਤ 'ਤੇ ਹਾਈ ਕੋਰਟ ਸਖ਼ਤ, ਪੰਜਾਬ ਸਰਕਾਰ ਦੀ ਰਿਪੋਰਟ 'ਤੇ ਜਤਾਈ ਨਾਰਾਜ਼ਗੀ

*ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਕਾਰਵਾਈ ਬਾਰੇ ਸਪੱਸ਼ਟ ਜਾਣਕਾਰੀ ਨਾ ਦੇਣ 'ਤੇ ਅਸੰਤੁਸ਼ਟੀ; ਔਰਤਾਂ ਦੀ ਸੁਰੱਖਿਆ ਅਤੇ ਬੱਸ ਅੱਡਿਆਂ ਨੇੜੇ ਗੈਰ-ਕਾਨੂੰਨੀ ਗਤੀਵਿਧੀਆਂ ਦਾ ਮੁੱਦਾ ਵੀ ਉਠਿਆ*

*- ਨਿਊਜ਼ਲਾਈਨ ਐਕਸਪ੍ਰੈਸ -*

**ਪਟਿਆਲਾ** - ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਅਤੇ ਪੁਲਿਸ ਸਹਾਇਤਾ ਕੇਂਦਰਾਂ (ਸਾਂਝ ਕੇਂਦਰਾਂ) ਦੇ ਕੰਮਕਾਜ ਸਬੰਧੀ ਦਾਇਰ ਜਨਹਿੱਤ ਪਟੀਸ਼ਨ ਦੀ ਸੁਣਵਾਈ ਦੌਰਾਨ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀ ਗਈ ਰਿਪੋਰਟ 'ਤੇ ਅਸੰਤੁਸ਼ਟੀ ਪ੍ਰਗਟ ਕੀਤੀ ਹੈ। ਅਦਾਲਤ ਨੇ ਕਿਹਾ ਕਿ ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਕੀਤੀ ਗਈ ਕਾਰਵਾਈ ਬਾਰੇ ਰਿਪੋਰਟ ਵਿੱਚ ਲੋੜੀਂਦੀ ਸਪੱਸ਼ਟਤਾ ਨਹੀਂ ਦਿੱਤੀ ਗਈ।

ਇਹ ਜਨਹਿੱਤ ਪਟੀਸ਼ਨ ਸਮਾਜਿਕ ਕਾਰਕੁਨ ਅਤੇ ਵਕੀਲ ਕੰਵਰ ਪਾਹੁਲ ਸਿੰਘ ਵੱਲੋਂ ਦਾਇਰ ਕੀਤੀ ਗਈ ਹੈ। ਪਟੀਸ਼ਨ ਵਿੱਚ ਪੰਜਾਬ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ, ਨਾਗਰਿਕਾਂ ਨੂੰ ਬਿਹਤਰ ਪੁਲਿਸ ਸਹੂਲਤਾਂ ਪ੍ਰਦਾਨ ਕਰਨ ਅਤੇ ਸੁਪਰੀਮ ਕੋਰਟ ਦੇ ਵੱਖ-ਵੱਖ ਨਿਰਦੇਸ਼ਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਮੰਗ ਕੀਤੀ ਗਈ ਹੈ।

ਸੁਣਵਾਈ ਦੌਰਾਨ ਗਠਿਤ ਕਮੇਟੀ ਨੇ ਰਾਜ ਭਰ ਵਿੱਚ ਚੱਲ ਰਹੇ ਸਾਂਝ ਕੇਂਦਰਾਂ ਦਾ ਮੁਲਾਂਕਣ ਕਰਨ ਉਪਰੰਤ ਆਪਣੀ ਰਿਪੋਰਟ ਅਦਾਲਤ ਅੱਗੇ ਪੇਸ਼ ਕੀਤੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਕਈ ਥਾਵਾਂ 'ਤੇ ਸਾਂਝਾ ਕੇਂਦਰਾਂ ਦੀ ਹਾਲਤ ਤਸੱਲੀਬਖਸ਼ ਨਹੀਂ ਹੈ ਅਤੇ ਉਨ੍ਹਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਦੀ ਲੋੜ ਹੈ।

ਕਮੇਟੀ ਨੇ ਸਾਰੇ ਸਾਂਝਾ ਕੇਂਦਰਾਂ ਦੇ ਨਵੀਨੀਕਰਨ, ਉਨ੍ਹਾਂ ਦੇ ਕੰਮਕਾਜ ਦੀ ਨਿਗਰਾਨੀ ਲਈ ਇੱਕ ਸੁਤੰਤਰ ਮਾਨੀਟਰਿੰਗ ਪ੍ਰਣਾਲੀ ਸਥਾਪਤ ਕਰਨ ਅਤੇ ਨਾਗਰਿਕਾਂ ਤੋਂ ਨਿਯਮਤ ਫੀਡਬੈਕ ਪ੍ਰਾਪਤ ਕਰਨ ਲਈ ਪ੍ਰਭਾਵਸ਼ਾਲੀ ਵਿਵਸਥਾ ਬਣਾਉਣ ਦੀ ਸਿਫ਼ਾਰਸ਼ ਕੀਤੀ ਹੈ।

ਰਿਪੋਰਟ ਵਿੱਚ ਇਹ ਵੀ ਦਰਸਾਇਆ ਗਿਆ ਕਿ ਕੁਝ ਜ਼ਿਲ੍ਹਿਆਂ ਵਿੱਚ ਬੱਸ ਅੱਡਿਆਂ ਦੇ ਆਲੇ-ਦੁਆਲੇ ਰਾਤ ਸਮੇਂ ਗੈਰ-ਕਾਨੂੰਨੀ ਗਤੀਵਿਧੀਆਂ ਅਤੇ ਔਰਤਾਂ ਦੀ ਸੁਰੱਖਿਆ ਨਾਲ ਸਬੰਧਤ ਮੁੱਦੇ ਸਾਹਮਣੇ ਆਏ ਹਨ, ਜਿਨ੍ਹਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਪਟੀਸ਼ਨ ਵਿੱਚ ਜਨਤਕ ਥਾਵਾਂ 'ਤੇ ਸੁਰੱਖਿਆ ਵਧਾਉਣ ਲਈ ਵਿਆਪਕ ਸੀਸੀਟੀਵੀ ਨਿਗਰਾਨੀ ਪ੍ਰਣਾਲੀ ਲਾਗੂ ਕਰਨ ਅਤੇ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚ ਸਾਦੇ ਕੱਪੜਿਆਂ ਵਿੱਚ ਮਹਿਲਾ ਪੁਲਿਸ ਮੁਲਾਜ਼ਮਾਂ ਦੀ ਤਾਇਨਾਤੀ ਕਰਨ ਦੀ ਮੰਗ ਵੀ ਕੀਤੀ ਗਈ ਹੈ।

ਦੂਜੇ ਪਾਸੇ, ਪੰਜਾਬ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ ਸਾਂਝ ਕੇਂਦਰ ਪਹਿਲਾਂ ਹੀ ਕਮਿਊਨਿਟੀ ਪੁਲਿਸ ਸਰੋਤ ਕੇਂਦਰਾਂ ਵਜੋਂ ਕੰਮ ਕਰ ਰਹੇ ਹਨ ਅਤੇ ਉਨ੍ਹਾਂ ਰਾਹੀਂ ਲੋਕਾਂ ਨੂੰ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸਰਕਾਰ ਦਾ ਕਹਿਣਾ ਹੈ ਕਿ ਮੌਜੂਦਾ ਪ੍ਰਣਾਲੀ ਕਾਨੂੰਨੀ ਪ੍ਰਾਵਧਾਨਾਂ ਦੇ ਅਨੁਸਾਰ ਹੈ ਅਤੇ ਕਿਸੇ ਵੱਖਰੀ ਸਮਾਨਾਂਤਰ ਵਿਵਸਥਾ ਦੀ ਲੋੜ ਨਹੀਂ ਹੈ।

## ਹਰ ਸ਼ੁੱਕਰਵਾਰ ਨਗਰ ਨਿਗਮ ਪਟਿਆਲਾ ਵਿੱਚ ਲੱਗੇਗਾ ਸੁਵਿਧਾ ਕੈਂਪ : ਮੇਅਰ

*ਮੌਕੇ 'ਤੇ ਮਿਲੇਗੀ ਪਲਾਟਾਂ ਦੀ ਐਨ.ਓ.ਸੀ. ਤੇ ਰਿਹਾਇਸ਼ੀ ਨਕਸ਼ਿਆਂ ਦੀ ਮਨਜ਼ੂਰੀ*

*- ਨਿਊਜ਼ਲਾਈਨ ਐਕਸਪ੍ਰੈਸ -*



**ਪਟਿਆਲਾ** - ਅੱਜ ਨਗਰ ਨਿਗਮ ਪਟਿਆਲਾ ਵਿਖੇ ਆਮ ਲੋਕਾਂ ਨੂੰ ਰਿਹਾਇਸ਼ੀ ਨਕਸ਼ੇ ਪਾਸ ਕਰਵਾਉਣ ਅਤੇ ਪਲਾਟਾਂ ਦੀ ਐਨ.ਓ.ਸੀ. ਪ੍ਰਾਪਤ ਕਰਨ ਵਿੱਚ ਆ ਰਹੀਆਂ ਦਿੱਕਤਾਂ ਅਤੇ ਲੰਬੇ ਸਮੇਂ ਤੋਂ ਚੱਲ ਰਹੀ ਪੈਨਡੰਸੀ ਨੂੰ ਦੂਰ ਕਰਨ ਲਈ ਨਗਰ ਨਿਗਮ ਇੱਕ ਮਹੱਤਵਪੂਰਨ ਫੈਸਲਾ ਲਿਆ ਗਿਆ ਹੈ। ਮੇਅਰ ਕੁੰਦਨ ਗੋਗੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਸ਼ੁੱਕਰਵਾਰ ਨੂੰ ਵਿਸ਼ੇਸ਼ ਸੁਵਿਧਾ ਕੈਂਪ ਲਗਾਇਆ ਜਾਵੇਗਾ।

ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਰਿਹਾਇਸ਼ੀ ਨਕਸ਼ਿਆਂ ਅਤੇ ਪਲਾਟਾਂ ਦੀ ਐਨ.ਓ.ਸੀ. ਸਬੰਧੀ ਆਮ ਲੋਕਾਂ ਵੱਲੋਂ ਲਗਾਤਾਰ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਸਨ। ਇਨ੍ਹਾਂ ਸ਼ਿਕਾਇਤਾਂ ਦੇ ਮੱਦੇਨਜ਼ਰ ਅੱਜ ਬਿਲਡਿੰਗ ਸ਼ਾਖਾ ਦੇ ਅਧਿਕਾਰੀਆਂ ਅਤੇ ਨਗਰ ਨਿਗਮ ਦੇ ਅਪਰੂਵਡ ਆਰਕੀਟੈਕਟਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਦੌਰਾਨ ਇਹ ਫੈਸਲਾ ਲਿਆ ਗਿਆ ਕਿ ਲੋਕਾਂ ਨੂੰ ਇੱਕੋ ਥਾਂ ਤੇ ਤੇਜ਼ ਅਤੇ ਪਾਰਦਰਸ਼ੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਹਰ ਸ਼ੁੱਕਰਵਾਰ ਸਵੇਰੇ 8:30 ਵਜੇ ਨਗਰ ਨਿਗਮ ਪਟਿਆਲਾ ਦੇ ਡਾ. ਭੀਮ ਰਾਓ ਅੰਬੇਦਕਰ ਹਾਲ ਵਿੱਚ ਸੁਵਿਧਾ ਕੈਂਪ ਲਗਾਇਆ ਜਾਵੇ।

ਇਹ ਕੈਂਪ 5 ਜੂਨ 2026 ਤੋਂ ਸ਼ੁਰੂ ਹੋਣਗੇ, ਜਿੱਥੇ ਆਉਣ ਵਾਲੇ ਨਾਗਰਿਕਾਂ ਦੇ ਕੇਸਾਂ ਦੀ ਮੌਕੇ 'ਤੇ ਹੀ ਜਾਂਚ ਕਰਕੇ ਯੋਗ ਮਾਮਲਿਆਂ ਵਿੱਚ ਪਲਾਟਾਂ ਦੀ ਐਨ.ਓ.ਸੀ. ਜਾਰੀ ਕੀਤੀ ਜਾਵੇਗੀ ਅਤੇ ਰਿਹਾਇਸ਼ੀ ਨਕਸ਼ੇ ਪਾਸ ਕੀਤੇ ਜਾਣਗੇ। ਇਸ ਉਪਰਾਲੇ ਨਾਲ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ ਅਤੇ ਲੰਬਿਤ ਕੇਸਾਂ ਦਾ ਜਲਦੀ ਨਿਪਟਾਰਾ ਹੋ ਸਕੇਗਾ।

ਉਕਤ ਕੈਂਪਾਂ ਦੇ ਓਵਰਆਲ ਇੰਚਾਰਜ ਸ੍ਰੀ ਨੀਰਜ ਭੱਟੀ, ਮਿਊਂਸਪਲ ਟਾਊਨ ਪਲਾਨਰ ਹੋਣਗੇ। ਇਸ ਮੌਕੇ ਮਿਉਂਸੀਪਲ ਕੌਂਸਲਰ ਰਾਜੂ ਸਾਹਨੀ ਅਤੇ ਸ਼ਿਵਰਾਜ ਵਿਰਕ ਵੀ ਹਾਜ਼ਰ ਸਨ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਲੋਕਾਂ ਨੂੰ ਬਿਹਤਰ ਅਤੇ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਲੋਕ-ਹਿਤੈਸ਼ੀ ਕਦਮ ਜਾਰੀ ਰਹਿਣਗੇ।

## ਏਡੀਸੀ ਵੱਲੋਂ ਐਸ.ਆਈ.ਆਰ ਦੇ ਰਿਵਾਈਜ਼ਡ ਸ਼ੈਡਿਊਲ ਦੀ ਜਾਣਕਾਰੀ ਕੀਤੀ ਸਾਂਝੀ

*- ਨਿਊਜ਼ਲਾਈਨ ਐਕਸਪ੍ਰੈਸ -*




**ਪਟਿਆਲਾ - ਰਾਕੇਸ਼ ਸ਼ਰਮਾ** - ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਅੱਜ ਜ਼ਿਲ੍ਹੇ ਦੀਆਂ ਸਮੂਹ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਸਬੰਧੀ ਇਕ ਅਹਿਮ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ. ਦੇ ਰਿਵਾਈਸਡ ਸ਼ੈਡਿਊਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਰਾਜਸੀ ਪਾਰਟੀਆਂ ਨੂੰ ਆਪਣੇ-ਆਪਣੇ ਬੂਥ ਲੈਵਲ ਏਜੰਟ (ਬੀ.ਐਲ.ਏ) ਨਿਯੁਕਤ ਕਰਨ ਲਈ ਪ੍ਰੇਰਿਤ ਕੀਤਾ।

ਮੀਟਿੰਗ ਦੌਰਾਨ ਅਨੁਪ੍ਰਿਤਾ ਜੌਹਲ ਨੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨੂੰ ਲੋੜੀਂਦੀ ਜਾਣਕਾਰੀ ਅਤੇ ਦਸਤਾਵੇਜ਼ ਸਮੇਂ ਸਿਰ ਉਪਲਬਧ ਕਰਵਾਉਣ ਤਾਂ ਜੋ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਸੁਚਾਰੂ ਢੰਗ ਨਾਲ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੈਂਡਿੰਗ ਵੋਟਰ ਮੈਪਿੰਗ ਦੇ ਅਧੂਰੇ ਕੰਮ ਨੂੰ ਮੁਕੰਮਲ ਕਰਨ ਲਈ 7 ਜੂਨ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਬੀ.ਐਲ.ਓਜ਼ ਆਪਣੇ-ਆਪਣੇ ਬੂਥਾਂ 'ਤੇ ਮੌਜੂਦ ਰਹਿਣਗੇ ਅਤੇ ਵੋਟਰਾਂ ਨਾਲ ਸਬੰਧਤ ਜਾਣਕਾਰੀ ਇਕੱਠੀ ਕਰਨਗੇ।

ਉਨ੍ਹਾਂ ਨੇ ਰਾਜਸੀ ਪਾਰਟੀਆਂ ਵੱਲੋਂ ਨਿਯੁਕਤ ਕੀਤੇ ਜਾਣ ਵਾਲੇ ਬੀ.ਐਲ.ਏਜ਼ ਨੂੰ ਵੀ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਮ੍ਰਿਤਕ, ਸ਼ਿਫਟ ਹੋ ਚੁੱਕੇ ਜਾਂ ਵੋਟਰ ਸੂਚੀ ਤੋਂ ਬਾਹਰ ਹੋ ਚੁੱਕੇ ਵੋਟਰਾਂ ਦੀ ਸਹੀ ਅਤੇ ਅਪਡੇਟ ਸੂਚੀ ਤਿਆਰ ਕਰਨ ਅਤੇ ਇਹ ਜਾਣਕਾਰੀ ਬੀ.ਐਲ.ਓਜ਼ ਕੋਲ ਜਮ੍ਹਾਂ ਕਰਵਾਉਣ। ਇਸ ਨਾਲ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਸ਼ੁੱਧ ਅਤੇ ਭਰੋਸੇਯੋਗ ਬਣਾਉਣ ਵਿੱਚ ਮਦਦਮਿਲੇਗੀ।

ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਆਉਣ ਵਾਲੀ ਵਿਸ਼ੇਸ਼ ਗਹਿਰੀ ਸੁਧਾਈ ਪ੍ਰਕਿਰਿਆ ਵਿੱਚ ਸਾਰੀਆਂ ਰਾਜਸੀ ਪਾਰਟੀਆਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਹ ਕਾਰਜ ਪੂਰੀ ਪਾਰਦਰਸ਼ਤਾ, ਨਿਰਪੱਖਤਾ ਅਤੇ ਸੁਚੱਜੇ ਢੰਗ ਨਾਲ ਕੀਤਾ ਜਾਣਾ ਹੈ, ਜਿਸ ਲਈ ਸਾਰੀਆਂ ਪਾਰਟੀਆਂ ਦਾ ਸਹਿਯੋਗ ਲਾਜ਼ਮੀ ਹੈ। ਮੀਟਿੰਗ ਦੌਰਾਨ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਵੋਟਰ ਸੂਚੀਆਂ ਦੀ ਸੁਧਾਈ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ।

## ਜ਼ਮੀਨੀ ਵਿਵਾਦ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਝਗੜਾ, ਦੋਵੇਂ ਪੱਖਾਂ ਦੇ ਲੋਕ ਜ਼ਖ਼ਮੀ

*- ਨਿਊਜ਼ਲਾਈਨ ਐਕਸਪ੍ਰੈਸ -*



**ਸਨੌਰ** - ਹਲਕਾ ਸਨੌਰ ਦੇ ਪਿੰਡ ਬੱਤੀ ਵਿੱਚ ਜ਼ਮੀਨੀ ਵਿਵਾਦ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਸਿਆਸੀ ਅਤੇ ਸਮਾਜਿਕ ਹਲਚਲ ਤੇਜ਼ ਹੋ ਗਈ ਹੈ। ਇਸ ਮਾਮਲੇ ਨੇ ਉਸ ਸਮੇਂ ਹੋਰ ਵੀ ਤੂਲ ਫੜ ਲਿਆ ਜਦੋਂ ਘਟਨਾ ਨਾਲ ਸੰਬੰਧਤ ਕਈ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ। ਵੀਡੀਓ ਵਿੱਚ ਇੱਕ ਵਿਅਕਤੀ ਆਪਣੇ ਅਤੇ ਆਪਣੇ ਪਰਿਵਾਰ ਨਾਲ ਹੋਈ ਕੁੱਟਮਾਰ ਸਬੰਧੀ ਜਾਣਕਾਰੀ ਦਿੰਦਾ ਨਜ਼ਰ ਆ ਰਿਹਾ ਹੈ। ਇਸ ਸਬੰਧੀ ਪਿੰਡ ਬੱਤੀ ਦੇ ਸਰਪੰਚ ਗੁਰਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਜ਼ਮੀਨ ਸੰਬੰਧੀ ਮਾਮਲਾ ਪਿਛਲੇ 8 ਤੋਂ 9 ਮਹੀਨਿਆਂ ਤੋਂ ਅਦਾਲਤ ਵਿੱਚ ਵਿਚਾਰ ਅਧੀਨ ਹੈ। ਉਨ੍ਹਾਂ ਕਿਹਾ ਕਿ ਉਹ ਸਨੌਰ ਤੋਂ ਆਪਣੇ ਪਿੰਡ ਵਾਪਸ ਜਾ ਰਹੇ ਸਨ ਤਾਂ ਉਨ੍ਹਾਂ ਨੇ ਦੇਖਿਆ ਕਿ ਵਿਵਾਦਤ ਜ਼ਮੀਨ ਵਿੱਚ ਦੂਜੀ ਧਿਰ ਵੱਲੋਂ ਮਿੱਟੀ ਦੀ ਪਟਾਈ ਕੀਤੀ ਜਾ ਰਹੀ ਸੀ। ਜਦੋਂ ਉਨ੍ਹਾਂ ਇਸ ਕੰਮ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ 'ਤੇ ਕਹੀ ਨਾਲ ਹਮਲਾ ਕੀਤਾ ਗਿਆ। ਸਰਪੰਚ ਦਾ ਦੋਸ਼ ਹੈ ਕਿ ਇਸ ਤੋਂ ਬਾਅਦ ਜਦੋਂ ਉਨ੍ਹਾਂ ਦੇ ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚੇ ਤਾਂ ਦੂਜੀ ਧਿਰ ਵੱਲੋਂ ਉਨ੍ਹਾਂ ਨਾਲ ਵੀ ਮਾਰਕੁੱਟ ਕੀਤੀ ਗਈ ਅਤੇ ਕੱਪੜੇ ਤੱਕ ਪਾੜ ਦਿੱਤੇ ਗਏ ਦੂਜੇ ਪਾਸੇ, ਦੂਜੀ ਧਿਰ ਦੇ ਕਰੀਬੀ ਮਨਦੀਪ ਸਿੰਘ ਨੇ ਇਸ ਮਾਮਲੇ 'ਤੇ ਆਪਣਾ ਪੱਖ ਰੱਖਦਿਆਂ ਕਿਹਾ ਕਿ ਜ਼ਮੀਨ ਸੰਬੰਧੀ ਮਾਮਲਾ ਕਾਫ਼ੀ ਸਮੇਂ ਤੋਂ ਅਦਾਲਤ ਵਿੱਚ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਉਹ ਜ਼ਮੀਨ ਦੀ ਲੈਵਲਿੰਗ ਦਾ ਕੰਮ ਕਰ ਰਹੇ ਸਨ, ਜਿਸ ਦੌਰਾਨ ਸਰਪੰਚ ਮੌਕੇ 'ਤੇ ਪਹੁੰਚੇ ਅਤੇ ਤਕਰਾਰ ਸ਼ੁਰੂ ਹੋ ਗਈ। ਉਨ੍ਹਾਂ ਦੇ ਅਨੁਸਾਰ ਇਸ ਤੋਂ ਬਾਅਦ ਦੋਵੇਂ ਧਿਰਾਂ ਦੇ ਪਰਿਵਾਰਕ ਮੈਂਬਰ ਵੀ ਮੌਕੇ 'ਤੇ ਪਹੁੰਚ ਗਏ ਅਤੇ ਝਗੜਾ ਵੱਧ ਗਿਆ। ਇਸ ਮਾਮਲੇ ਸਬੰਧੀ ਥਾਣਾ ਮੁਖੀ ਹਰਮਿੰਦਰ ਸਿੰਘ ਨੇ ਦੱਸਿਆ ਕਿ ਦੋਵੇਂ ਧਿਰਾਂ ਆਪਸ ਵਿੱਚ ਚਾਚੇ-ਤਾਏ ਦੇ ਲੜਕੇ ਹਨ ਅਤੇ ਵਿਵਾਦ ਸਾਂਝੀ ਜ਼ਮੀਨ ਵਿੱਚੋਂ ਮਿੱਟੀ ਚੁੱਕਣ ਨੂੰ ਲੈ ਕੇ ਹੋਇਆ ਹੈ। ਉਨ੍ਹਾਂ ਕਿਹਾ ਕਿ ਜ਼ਮੀਨ ਸਬੰਧੀ ਅਦਾਲਤੀ ਮਾਮਲੇ ਬਾਰੇ ਉਨ੍ਹਾਂ ਨੂੰ ਪੂਰੀ ਜਾਣਕਾਰੀ ਨਹੀਂ ਹੈ। ਥਾਣਾ ਮੁਖੀ ਨੇ ਦੱਸਿਆ ਕਿ ਦੋਵੇਂ ਧਿਰਾਂ ਦੇ ਜ਼ਖ਼ਮੀ ਮੈਂਬਰ ਇਸ ਵੇਲੇ ਰਾਜਿੰਦਰਾ ਹਸਪਤਾਲ ਵਿੱਚ ਦਾਖ਼ਲ ਹਨ। ਡਾਕਟਰਾਂ ਦੀ ਰਿਪੋਰਟ ਅਤੇ ਮੈਡੀਕਲ ਰਾਏ ਪ੍ਰਾਪਤ ਹੋਣ ਤੋਂ ਬਾਅਦ ਹੀ ਮਾਮਲੇ ਵਿੱਚ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਸੀਨੀਅਰ ਭਾਜਪਾ ਆਗੂ ਹਰਦੀਪ ਸਿੰਘ ਕੰਬੋਜ ਨੇ ਭਾਰਤੀ ਜਨਤਾ ਪਾਰਟੀ ਦੇ ਨਵ - ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਵਿਸ਼ੇਸ਼ ਮੁਲਾਕਾਤ

*- ਨਿਊਜ਼ਲਾਈਨ ਐਕਸਪ੍ਰੈਸ -*



**ਸਨੌਰ / ਪਟਵਾਰੀ** - ਹਲਕਾ ਸਨੌਰ ਦੇ ਸੀਨੀਅਰ ਭਾਜਪਾ ਆਗੂ ਹਰਦੀਪ ਸਿੰਘ ਕੰਬੋਜ ਨੇ ਭਾਰਤੀ ਜਨਤਾ ਪਾਰਟੀ ਦੇ ਨਵ ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਹਲਕਾ ਸਨੌਰ ਨਾਲ ਸੰਬੰਧਿਤ ਵੱਖ-ਵੱਖ ਲੋਕ ਭਲਾਈ ਅਤੇ ਵਿਕਾਸ ਦੇ ਮੁੱਦਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਮੁਲਾਕਾਤ ਦੌਰਾਨ ਹਰਦੀਪ ਸਿੰਘ ਕੰਬੋਜ ਨੇ ਹਲਕੇ ਵਿੱਚ ਬੁਨਿਆਦੀ ਸਹੂਲਤਾਂ ਦੇ ਹੋਰ ਵਿਕਾਸ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪਾਰਟੀ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਟੀ ਦੇ ਸਮਰਪਿਤ ਵਰਕਰਾਂ ਦੀ ਮਿਹਨਤ ਸਦਕਾ ਲੋਕਾਂ ਦਾ ਭਰੋਸਾ ਭਾਜਪਾ ਪ੍ਰਤੀ ਵਧ ਰਿਹਾ ਹੈ। ਉਨ੍ਹਾਂ ਨੇ ਹਲਕਾ ਸਨੌਰ ਵਿੱਚ ਪਾਰਟੀ ਗਤੀਵਿਧੀਆਂ ਅਤੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਹਰਦੀਪ ਸਿੰਘ ਕੰਬੋਜ ਨੇ ਪੰਜਾਬ ਪ੍ਰਧਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਦੀ ਅਗਵਾਈ ਹੇਠ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਦੇ ਰਹਿਣਗੇ। ਮੁਲਾਕਾਤ ਦੌਰਾਨ ਪਾਰਟੀ ਦੀ ਮਜ਼ਬੂਤੀ, ਆਉਣ ਵਾਲੇ ਸੰਗਠਨਾਤਮਕ ਪ੍ਰੋਗਰਾਮਾਂ ਅਤੇ ਹਲਕਾ ਸਨੌਰ ਵਿੱਚ ਪਾਰਟੀ ਦੇ ਵਿਸਥਾਰ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਵਿਸ਼ਵ ਵਾਤਾਵਰਨ ਦਿਵਸ ਮੌਕੇ 5 ਜੂਨ ਨੂੰ ਪਟਿਆਲਾ ਵਿਖੇ ਵਿਸ਼ੇਸ਼ ਸਮਾਗਮ

*- ਨਿਊਜ਼ਲਾਈਨ ਐਕਸਪ੍ਰੈਸ -*



**ਪਟਿਆਲਾ / ਕਮਲ ਸੇਠ** - ਨੈਸ਼ਨਲ ਪ੍ਰੋਗਰਾਮ ਫਾਰ ਕਲਾਈਮੇਟ ਚੇਂਜ ਐਂਡ ਹਿਊਮਨ ਹੈਲਥ ਅਧੀਨ ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਟਲੀ ਅਤੇ ਜ਼ਿਲ੍ਹਾ ਨੋਡਲ ਅਫ਼ਸਰ ਡਾ. ਸੁਮੀਤ ਸਿੰਘ ਦੇ ਸਹਿਯੋਗ ਨਾਲ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ (ਰਜਿ.) ਪਟਿਆਲਾ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮਿਤੀ 5 ਜੂਨ 2026 (ਸ਼ੁੱਕਰਵਾਰ) ਨੂੰ ਸਵੇਰੇ 7:30 ਵਜੇ ਨੇਹਰੂ ਪਾਰਕ, ਪੁਰਾਣਾ ਬੱਸ ਸਟੈਂਡ, ਪਟਿਆਲਾ ਵਿਖੇ ਮਨਾਇਆ ਜਾ ਰਿਹਾ ਹੈ।

ਇਸ ਸਮਾਗਮ ਵਿੱਚ ਸ਼ਹਿਰ ਦੀਆਂ ਨਾਮਵਰ ਸ਼ਖਸੀਅਤਾਂ, ਵਾਤਾਵਰਨ ਪ੍ਰੇਮੀ, ਸਮਾਜ ਸੇਵੀ ਸੰਸਥਾਵਾਂ ਅਤੇ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਵਿਦਵਾਨ ਸ਼ਮੂਲੀਅਤ ਕਰਨਗੇ। ਇਸ ਮੌਕੇ ਵਾਤਾਵਰਨ ਨੂੰ ਦਰਪੇਸ਼ ਚੁਣੌਤੀਆਂ, ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਅਤੇ ਉਨ੍ਹਾਂ ਨਾਲ ਨਜਿੱਠਣ ਲਈ ਸੰਭਾਵੀ ਉਪਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਪਟਿਆਲਾ ਵਿੱਚ ਵਾਤਾਵਰਨ ਸੰਭਾਲ ਲਈ ਕਾਰਜਸ਼ੀਲ ਵੱਖ-ਵੱਖ ਐਨ.ਜੀ.ਓਜ਼ ਅਤੇ ਵਾਤਾਵਰਨ ਪ੍ਰੇਮੀਆਂ ਨੂੰ ਸਨਮਾਨਿਤ ਅਤੇ ਉਤਸ਼ਾਹਿਤ ਕਰਨ ਦੇ ਨਾਲ-ਨਾਲ ਭਵਿੱਖ ਲਈ ਵਾਤਾਵਰਨ ਸੁਰੱਖਿਆ ਸਬੰਧੀ ਯੋਜਨਾਵਾਂ ਵੀ ਉਲੀਕੀਆਂ ਜਾਣਗੀਆਂ।

ਡਾ. ਸੁਮੀਤ ਸਿੰਘ ਨੇ ਕਿਹਾ ਕਿ ਗਲੋਬਲ ਵਾਰਮਿੰਗ ਕਾਰਨ ਮੌਸਮ ਵਿੱਚ ਆ ਰਹੀਆਂ ਤਬਦੀਲੀਆਂ ਦੇ ਮਾੜੇ ਪ੍ਰਭਾਵ ਹੁਣ ਸਪੱਸ਼ਟ ਤੌਰ 'ਤੇ ਮਹਿਸੂਸ ਕੀਤੇ ਜਾ ਰਹੇ ਹਨ। ਬੇਮੌਸਮੀ ਬਰਸਾਤ, ਅੱਤ ਦੀ ਗਰਮੀ ਅਤੇ ਹੋਰ ਮੌਸਮੀ ਅਸਥਿਰਤਾਵਾਂ ਨਾ ਸਿਰਫ਼ ਮਨੁੱਖੀ ਜੀਵਨ, ਸਗੋਂ ਫ਼ਸਲੀ ਚੱਕਰ ਅਤੇ ਜਾਨਵਰਾਂ ਉੱਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਹੀਆਂ ਹਨ।

## ਵਿਧਾਇਕ ਕੋਹਲੀ ਵੱਲੋਂ ਲੀਲਾ ਭਵਨ ਤੋਂ ਥਾਪਰ ਚੌਂਕ ਤੱਕ 2.25 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਸੜਕ ਲੋਕਾਂ ਨੂੰ ਸਮਰਪਿਤ

*ਵਿਕਾਸ ਕਾਰਜਾਂ ਦੀ ਲੜੀ ਤਹਿਤ ਪਟਿਆਲਾ ਨੂੰ ਮਿਲੀ ਇੱਕ ਹੋਰ ਵੱਡੀ ਸੌਗਾਤ : ਅਜੀਤਪਾਲ ਸਿੰਘ ਕੋਹਲੀ*

*- ਨਿਊਜ਼ਲਾਈਨ ਐਕਸਪ੍ਰੈਸ -*



**ਪਟਿਆਲਾ / ਸੋਨੂੰ ਬਾਵਾ** - ਪਟਿਆਲਾ ਸ਼ਹਿਰ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਅੱਜ ਲੀਲਾ ਭਵਨ ਤੋਂ ਥਾਪਰ ਚੌਂਕ ਤੱਕ 2.25 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਤਿਆਰ ਕੀਤੀ ਗਈ ਸੜਕ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਸਮਾਜਿਕ ਆਗੂ, ਵਪਾਰੀ ਵਰਗ ਅਤੇ ਆਮ ਆਦਮੀ ਪਾਰਟੀ ਦੇ ਆਗੂ ਹਾਜ਼ਰ ਰਹੇ।

ਉਦਘਾਟਨ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਸਾਫ਼-ਸੁਥਰੀਆਂ ਸੜਕਾਂ, ਬਿਹਤਰ ਸੀਵਰੇਜ ਪ੍ਰਬੰਧ, ਪੀਣ ਵਾਲਾ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਲੀਲਾ ਭਵਨ ਤੋਂ ਥਾਪਰ ਚੌਂਕ ਤੱਕ ਦਾ ਇਹ ਰਸਤਾ ਸ਼ਹਿਰ ਦੇ ਸਭ ਤੋਂ ਰੁਝੇਵੇਂ ਵਾਲੇ ਮਾਰਗਾਂ ਵਿੱਚੋਂ ਇੱਕ ਹੈ, ਜਿੱਥੋਂ ਹਰ ਰੋਜ਼ ਹਜ਼ਾਰਾਂ ਲੋਕ ਆਵਾਜਾਈ ਕਰਦੇ ਹਨ। ਇਸ ਸੜਕ ਦੇ ਨਵੀਨੀਕਰਨ ਨਾਲ ਨਾ ਸਿਰਫ਼ ਟਰੈਫਿਕ ਦੀ ਸਮੱਸਿਆ ਘੱਟ ਹੋਵੇਗੀ, ਸਗੋਂ ਆਮ ਲੋਕਾਂ ਨੂੰ ਸੁਵਿਧਾਜਨਕ ਅਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਵੀ ਮਿਲੇਗੀ।

ਇਸ ਮੌਕੇ ਨਗਰ ਨਿਗਮ ਦੇ ਵਾਰਡ ਨੰਬਰ 56 ਦੇ ਕੌਂਸਲਰ ਇਤਵਿੰਦਰ ਸਿੰਘ ਲੂਥਰਾ, ਵਾਰਡ ਨੰਬਰ 50 ਦੇ ਕੌਂਸਲਰ ਹਰਮਨ ਸੰਧੂ ਅਤੇ ਵਾਰਡ ਨੰਬਰ 55 ਦੀ ਕੌਂਸਲਰ ਕਵਲਜੀਤ ਕੌਰ ਜੱਗੀ ਨੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਕਿਹਾ ਪਟਿਆਲਾ ਦੇ ਵਿਕਾਸ ਲਈ ਲਗਾਤਾਰ ਕੀਤੇ ਜਾ ਰਹੇ ਉਪਰਾਲੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ।

# ਰਿਸ਼ਵਤ ਲੈਂਦਾ ਵਿਅਕਤੀ ਵਿਜੀਲੈਂਸ ਬਿਊਰੋ ਨੇ ਕੀਤਾ ਗ੍ਰਿਫ਼ਤਾਰ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ/ਰਾਕੇਸ਼ ਕੌਸ਼ਲ** - ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਇੱਕ ਪ੍ਰਾਈਵੇਟ ਵਿਅਕਤੀ ਸਰਬਜੀਤ ਸਿੰਘ ਉਰਫ਼ ਬਿੱਟੂ ਵਾਸੀ ਹੈਬੋਵਾਲ ਕਲਾਂ, ਲੁਧਿਆਣਾ ਨੂੰ 5000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।



ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਨਿਊ ਬਾਬਾ ਦੀਪ ਸਿੰਘ ਨਗਰ ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਪਿਤਾ ਨੇ ਸਾਹਨੇਵਾਲ ਦੇ ਨਿਵਾਸੀ ਕੁਲਦੀਪ ਕੁਮਾਰ ਤੋਂ ਸਾਈਕਲ ਮਾਰਕੀਟ ਵਿੱਚ 60 ਵਰਗ ਗਜ਼ ਦਾ ਪਲਾਟ ਖਰੀਦਣ ਲਈ ਇੱਕ ਸਮਝੌਤਾ ਕੀਤਾ ਸੀ ਅਤੇ ਅਸੀਂ ਉਸ ਜਗ੍ਹਾ ਦਾ ਕਬਜ਼ਾ ਵੀ ਲੈ ਲਿਆ ਸੀ। ਸਾਲ 2020 ਵਿੱਚ ਉਸਨੂੰ ਪਤਾ ਲੱਗਾ ਕਿ ਸ਼ਿਕਾਇਤਕਰਤਾ ਦੇ ਮਾਮੇ ਦੇ ਪੁੱਤਰ ਗੁਰਜੀਤ ਸਿੰਘ ਉਰਫ਼ ਰਿੰਪੀ ਨੇ ਕੁਲਵੰਤ ਸਿੰਘ ਨਾਮ ਦੇ ਵਿਅਕਤੀ ਤੋਂ ਉਕਤ ਜ਼ਮੀਨ ਦੀ ਜਾਅਲੀ ਰਜਿਸਟਰੀ ਕਰਵਾਈ ਸੀ। ਇਸ ਰਜਿਸਟਰੀ ਵਿੱਚ ਦਰਜ ਖਸਰਾ ਨੰਬਰ ਸਾਈਕਲ ਮਾਰਕੀਟ ਲੁਧਿਆਣਾ ਦਾ ਨਹੀਂ ਸਗੋਂ ਚੰਦਨ ਨਗਰ ਲੁਧਿਆਣਾ ਦਾ ਸੀ। ਕੁਲਵੰਤ ਸਿੰਘ ਦੀ ਭਾਲ ਕਰਨ ਤੋਂ ਬਾਅਦ, ਉਸਨੇ ਸ਼ਿਕਾਇਤਕਰਤਾ ਨੂੰ ਦੱਸਿਆ ਕਿ ਉਸਨੇ ਸਾਈਕਲ ਮਾਰਕੀਟ ਵਿੱਚ ਕੋਈ ਦੁਕਾਨ ਗੁਰਜੀਤ ਸਿੰਘ ਉਰਫ਼ ਰਿੰਪੀ ਨੂੰ ਨਹੀਂ ਵੇਚੀ ਹੈ। ਕੁਲਵੰਤ ਸਿੰਘ ਨੇ ਇਹ ਵੀ ਦੱਸਿਆ ਕਿ ਉਸਦਾ ਇੱਕ ਜਾਣਕਾਰ ਵਿਅਕਤੀ ਹੈ ਜਿਸਦਾ ਨਾਮ ਸਰਬਜੀਤ ਸਿੰਘ ਉਰਫ਼ ਬਿੱਟੂ ਹੈ ਜੋ ਰਾਏਕੋਟ ਤਹਿਸੀਲ ਦਫਤਰ ਵਿੱਚ ਦਰਜਾ-4 ਕਰਮਚਾਰੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਉਕਤ ਜ਼ਮੀਨ ਆਪਣੇ ਨਾਮ 'ਤੇ ਰਜਿਸਟਰ ਕਰਵਾਉਣਾ ਚਾਹੁੰਦਾ ਸੀ। ਸ਼ਿਕਾਇਤਕਰਤਾ ਨੇ ਇਸ ਸਬੰਧ ਵਿੱਚ ਬਿੱਟੂ ਨਾਲ ਗੱਲ ਕੀਤੀ ਅਤੇ ਬਿੱਟੂ ਨੇ ਦੱਸਿਆ ਕਿ ਉਹ ਅਧਿਕਾਰੀਆਂ ਨਾਲ ਚੰਗੀ ਬਣਦੀ ਹੈ ਅਤੇ ਉਨ੍ਹਾਂ ਨਾਲ ਗੱਲ ਕਰਕੇ ਉਹ ਪੀਰੂਬੰਦਾ ਸਾਈਕਲ ਮਾਰਟ ਮੁਰਾਦਪੁਰਾ ਵਿੱਚ ਰਜਿਸਟਰੀ ਕਰਵਾ ਦੇਵੇਗਾ। ਜਿਸਦੀ ਕੀਮਤ 3,50,000 ਰੁਪਏ ਹੋਵੇਗੀ ਅਤੇ ਉਹ 25,000 ਰੁਪਏ ਪਹਿਲਾਂ ਲਵੇਗਾ ਅਤੇ ਪਹਿਲੀ ਕਿਸ਼ਤ ਵਜੋਂ 5000 ਰੁਪਏ ਰਿਸ਼ਵਤ ਦੀ ਮੰਗ ਕੀਤੀ।

ਰਿਸ਼ਵਤ ਦੇਣ ਤੋਂ ਇਨਕਾਰ ਕਰਦਿਆਂ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਸਰਬਜੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।

ਇਸ ਸਬੰਧ ਵਿੱਚ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਬੀਕੇਯੂ (ਮਾਨ) ਵੱਲੋਂ ਪੰਜਾਬ ਸਰਕਾਰ ਦੇ ਫਸਲੀ ਕਰਜ਼ਾ ਹੱਦ ਵਧਾਉਣ ਦੇ ਫੈਸਲੇ ਦਾ ਸਵਾਗਤ; ਮਹਾਰਾਸ਼ਟਰ ਦੀ ਤਰਜ਼ 'ਤੇ ਪੰਜਾਬ ਲਈ ਕੇਂਦਰ ਤੋਂ ਕਰਜ਼ਾ ਮੁਆਫ਼ੀ ਦੀ ਮੰਗ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ / ਨਾਗਪਾਲ** - ਸ. ਭੁਪਿੰਦਰ ਸਿੰਘ ਮਾਨ, ਸਾਬਕਾ ਮੈਂਬਰ ਰਾਜ ਸਭਾ, ਕੌਮੀ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ (ਮਾਨ) ਅਤੇ ਚੇਅਰਮੈਨ, ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ, ਸ. ਸੁਖਦੇਵ ਸਿੰਘ ਭੁਨੀਰ, ਮੀਤ ਪ੍ਰਧਾਨ ਬੀਕੇਯੂ (ਮਾਨ), ਸ. ਸੁਖਵਿੰਦਰ ਸਿੰਘ ਕਾਹਲੋਂ, ਪ੍ਰਧਾਨ ਜ਼ਿਲ੍ਹਾ ਗੁਰਦਾਸਪੁਰ, ਸ. ਬਲਰਾਜ ਸਿੰਘ ਸਰਪੰਚ, ਮੀਤ ਪ੍ਰਧਾਨ, ਅਤੇ ਹੋਰ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਕਿਸਾਨ ਕਰੈਡਿਟ ਕਾਰਡ ਸਕੀਮ ਅਧੀਨ ਫਸਲੀ ਕਰਜ਼ਿਆਂ ਦੀ ਹੱਦ ਵਧਾਉਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ।



ਕਿਸਾਨ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵੱਲੋਂ ਕਣਕ, ਗੰਨਾ, ਮੱਕੀ, ਕਪਾਹ, ਦਾਲਾਂ, ਬਾਗਬਾਨੀ, ਫੁੱਲਾਂ ਦੀ ਖੇਤੀ, ਹਲਦੀ, ਪਿਆਜ਼, ਆਲੂ, ਗੋਭੀ ਅਤੇ ਹੋਰ ਫਸਲਾਂ ਲਈ ਕਰਜ਼ੇ ਦੀ ਹੱਦ ਵਧਾਉਣਾ ਇੱਕ ਚੰਗਾ ਅਤੇ ਲੋੜੀਂਦਾ ਕਦਮ ਹੈ। ਇਸ ਦੇ ਨਾਲ ਨਾਲ ਸਬਜ਼ੀਆਂ ਦੀਆਂ ਕਈ ਕਿਸਮਾਂ, ਡੇਅਰੀ, ਮੱਛੀ ਪਾਲਣ, ਮਧੂ ਮੱਖੀ ਪਾਲਣ ਅਤੇ ਖੁੰਭਾਂ ਦੀ ਖੇਤੀ ਨੂੰ ਵੀ ਸੰਸਥਾਗਤ ਕਰਜ਼ੇ ਦੇ ਘੇਰੇ ਵਿੱਚ ਲਿਆਉਣਾ ਕਿਸਾਨੀ ਵੰਨ-ਸੁਵੰਨਤਾ ਵੱਲ ਇੱਕ ਸਕਾਰਾਤਮਕ ਇਸ਼ਾਰਾ ਹੈ।

ਆਗੂਆਂ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਕਈ ਦਹਾਕਿਆਂ ਤੋਂ ਕਣਕ-ਝੋਨੇ ਦੇ ਚੱਕਰ ਵਿੱਚ ਫਸਿਆ ਹੋਇਆ ਹੈ। ਫਸਲੀ ਵੰਨ-ਸੁਵੰਨਤਾ ਸਿਰਫ਼ ਭਾਸ਼ਣਾਂ ਨਾਲ ਨਹੀਂ ਆ ਸਕਦੀ। ਇਸ ਲਈ ਸਸਤਾ ਕਰਜ਼ਾ, ਪੱਕਾ ਮੰਡੀ ਪ੍ਰਬੰਧ, ਨਿਆਂਯੋਗ ਭਾਅ, ਖਰੀਦ ਦੀ ਗਾਰੰਟੀ, ਪ੍ਰੋਸੈਸਿੰਗ ਅਤੇ ਜੋਖਮ ਤੋਂ ਸੁਰੱਖਿਆ ਲਾਜ਼ਮੀ ਹੈ। ਪੰਜਾਬ ਸਰਕਾਰ ਦਾ ਇਹ ਫੈਸਲਾ ਉਸ ਦਿਸ਼ਾ ਵਿੱਚ ਇੱਕ ਸ਼ੁਰੂਆਤੀ ਪਰ ਮਹੱਤਵਪੂਰਨ ਕਦਮ ਹੈ।

ਬੀਕੇਯੂ (ਮਾਨ) ਦੇ ਆਗੂਆਂ ਨੇ ਇਹ ਵੀ ਕਿਹਾ ਕਿ ਜੇਕਰ ਬੈਂਕਾਂ ਨੂੰ ਕਿਸਾਨਾਂ ਦੀ ਗਿਰਵੀ ਰੱਖੀ ਜ਼ਮੀਨ ਜਾਂ ਸੰਪਤੀ ਵੇਚਣ ਤੋਂ ਪਹਿਲਾਂ ਹੋਰ ਰਾਹ ਲੱਭਣ ਲਈ ਕਿਹਾ ਗਿਆ ਹੈ, ਤਾਂ ਇਹ ਵੀ ਸਵਾਗਤਯੋਗ ਹੈ। ਕਿਸਾਨ ਨੂੰ ਕਰਜ਼ੇਦਾਰ ਬਣਾ ਕੇ ਉਸ ਦੀ ਬੇਇੱਜ਼ਤੀ ਕਰਨਾ ਜਾਂ ਉਸ ਨੂੰ ਜ਼ਮੀਨ ਤੋਂ ਵੰਝਾ ਕਰਨਾ ਕਿਸੇ ਵੀ ਤਰ੍ਹਾਂ ਨਿਆਂਸੰਗਤ ਨਹੀਂ। ਅੱਜ ਕਿਸਾਨ ਦੀ ਮੁਸ਼ਕਲ ਸਿਰਫ਼ ਵਿਅਕਤੀਗਤ ਨਾਕਾਮੀ ਨਹੀਂ, ਸਗੋਂ ਨੀਤੀਗਤ ਨਾਕਾਮੀ ਦਾ ਨਤੀਜਾ ਹੈ। ਇਸ ਦੇ ਨਾਲ ਹੀ ਕਿਸਾਨ ਆਗੂਆਂ ਨੇ ਮਹਾਰਾਸ਼ਟਰ ਸਰਕਾਰ ਵੱਲੋਂ ?36,585 ਕਰੋੜ ਦੀ ਫਸਲੀ ਕਰਜ਼ਾ ਮੁਆਫ਼ੀ ਨੂੰ ਵੀ ਵੱਡਾ ਅਤੇ ਹੌਂਸਲੇ ਵਾਲਾ ਕਦਮ ਕਰਾਰ ਦਿੱਤਾ। ਇਸ ਸਕੀਮ ਨਾਲ ਲਗਭਗ 56 ਲੱਖ ਕਿਸਾਨਾਂ ਨੂੰ ਲਾਭ ਮਿਲਣ ਦੀ ਉਮੀਦ ਹੈ। ਮਹਾਰਾਸ਼ਟਰ ਸਰਕਾਰ ਨੇ ?2 ਲੱਖ ਤੱਕ ਦੇ ਫਸਲੀ ਕਰਜ਼ੇ ਮੁਆਫ਼ ਕਰਨ ਅਤੇ ਸਮੇਂ ਸਿਰ ਕਰਜ਼ਾ ਵਾਪਸ ਕਰਨ ਵਾਲੇ ਕਿਸਾਨਾਂ ਨੂੰ ਵੀ ਪ੍ਰੋਤਸਾਹਨ ਦੇਣ ਦਾ ਫੈਸਲਾ ਕੀਤਾ ਹੈ। ਇਹ ਇਸ ਗੱਲ ਦੀ ਸਵੀਕ੍ਰਿਤੀ ਹੈ ਕਿ ਦੇਸ਼ ਦੀ ਕਿਸਾਨੀ ਗੰਭੀਰ ਕਰਜ਼ਾ ਸੰਕਟ ਵਿਚੋਂ ਲੰਘ ਰਹੀ ਹੈ।

ਸ. ਭੁਪਿੰਦਰ ਸਿੰਘ ਮਾਨ ਨੇ ਕਿਹਾ ਕਿ ਜੇ ਮਹਾਰਾਸ਼ਟਰ ਦੇ ਕਿਸਾਨਾਂ ਲਈ ?36,585 ਕਰੋੜ ਦੀ ਕਰਜ਼ਾ ਮੁਆਫ਼ੀ ਹੋ ਸਕਦੀ ਹੈ, ਤਾਂ ਪੰਜਾਬ ਦੇ ਕਿਸਾਨਾਂ ਲਈ ਵੀ ਇਸ ਤੋਂ ਘੱਟ ਮੰਗ ਨਹੀਂ ਹੋ ਸਕਦੀ। ਪੰਜਾਬ ਦਾ ਮਾਮਲਾ ਹੋਰ ਵੀ ਮਜ਼ਬੂਤ ਹੈ, ਕਿਉਂਕਿ ਪੰਜਾਬ ਨੇ ਆਪਣੀ ਮਰਜ਼ੀ ਨਾਲ ਆਪਣੀ ਧਰਤੀ, ਪਾਣੀ ਅਤੇ ਮਿੱਟੀ ਨੂੰ ਖਾਲੀ ਨਹੀਂ ਕੀਤਾ। ਪੰਜਾਬ ਨੂੰ ਦੇਸ਼ ਦੀ ਅਨਾਜ ਸੁਰੱਖਿਆ ਲਈ ਕਣਕ-ਝੋਨੇ ਦੇ ਚੱਕਰ ਵਿੱਚ ਧੱਕਿਆ ਗਿਆ।

# ਨਿੱਜੀ ਸਕੂਲਾਂ 'ਤੇ ਲਗਾਮ, 5 ਫੀਸਦੀ ਤੋਂ ਵੱਧ ਫੀਸ ਨਹੀਂ ਵਧਾ ਸਕਣਗੇ ਸਕੂਲ, ਮਾਨ ਨੇ ਕੀਤਾ ਐਲਾਨ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ** - ਪੰਜਾਬ ਵਿਚ ਨਿੱਜੀ ਸਕੂਲਾਂ 'ਤੇ ਮਨਮਾਨੇ ਢੰਗ ਨਾਲ ਫੀਸਾਂ ਵਧਾਉਣ 'ਤੇ ਲਗਾਮ ਲੱਗੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੇ ਪ੍ਰਾਈਵੇਟ ਸਕੂਲ ਹੁਣ ਪੰਜ ਪ੍ਰਤੀਸ਼ਤ ਤੋਂ ਵੱਧ ਫੀਸਾਂ ਨਹੀਂ ਵਧਾ ਸਕਣਗੇ। ਆਉਣ ਵਾਲੇ ਵਿਧਾਨ ਸਭਾ ਸੈਸ਼ਨ ਵਿੱਚ ਇਸ ਸਬੰਧੀ ਕਾਨੂੰਨ ਲਿਆਂਦਾ ਜਾਵੇਗਾ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਜਿਨ੍ਹਾਂ ਸਕੂਲਾਂ ਨੇ ਪਹਿਲੇ ਤਿੰਨ ਸਾਲਾਂ ਵਿੱਚ 15 ਫੀਸਦੀ ਤੋਂ ਵੱਧ ਫੀਸਾਂ ਵਧਾਈਆਂ ਹਨ, ਉਨ੍ਹਾਂ ਨੂੰ ਮਾਪਿਆਂ ਨੂੰ ਪੈਸੇ ਵਾਪਸ ਕਰਨੇ ਪੈਣਗੇ।ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਹਰ ਤਰ੍ਹਾਂ ਦੀਆਂ ਫੀਸਾਂ 'ਤੇ ਲਾਗੂ ਹੋਵੇਗਾ, ਸਿਰਫ਼ ਟਿਊਸ਼ਨ 'ਤੇ ਹੀ ਨਹੀਂ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਇੱਕ ਸਖ਼ਤ ਕਾਨੂੰਨ ਲਿਆਂਦਾ ਜਾਵੇਗਾ ਅਤੇ ਜ਼ੋਰ ਦੇ ਕੇ ਕਿਹਾ ਕਿ ਇਹ ਦੇਸ਼ ਦਾ ਸਭ ਤੋਂ ਸਖ਼ਤ ਕਾਨੂੰਨ ਹੋਵੇਗਾ।

ਸੀ.ਐੱਮ. ਮਾਨ ਨੇ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਸਕੂਲਾਂ 'ਤੇ ਜੁਰਮਾਨਾ ਲਗਾਇਆ ਜਾਵੇਗਾ ਅਤੇ ਲਗਾਤਾਰ ਉਲੰਘਣਾਵਾਂ ਨਾਲ ਮਾਨਤਾ ਰੱਦ ਹੋ ਸਕਦੀ ਹੈ।

# 1000 ਰੁਪਏ ਦੀ ਸਹਾਇਤਾ ਬਹੁਤ ਘੱਟ ਅਤੇ ਬਹੁਤ ਦੇਰ ਨਾਲ ਚੁੱਕਿਆ ਗਿਆ ਕਦਮ: ਵੜਿੰਗ

## ਕਿਹਾ: ਔਰਤਾਂ ਨੂੰ ਵਾਅਦੇ ਕੀਤੇ 60,000 ਰੁਪਏ ਦੀ ਬਜਾਏ ਸਿਰਫ਼ 6,000 ਰੁਪਏ ਹੀ ਮਿਲਣਗੇ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ** - ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪੰਜਾਬ ਦੀਆਂ ਔਰਤਾਂ ਲਈ ਆਮ ਆਦਮੀ ਪਾਰਟੀ ਸਰਕਾਰ ਵੱਲੋਂ 1000 ਰੁਪਏ ਮਹੀਨਾਵਾਰ ਨਕਦ ਸਹਾਇਤਾ ਦੇਣ ਦਾ ਐਲਾਨ ਬਹੁਤ ਘੱਟ ਅਤੇ ਬਹੁਤ ਦੇਰ ਨਾਲ ਕੀਤਾ ਗਿਆ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ, ਉਨ੍ਹਾਂ ਨੇ ਕਿਹਾ ਕਿ ਇਹ ਬਹੁਤ ਹੀ ਘੱਟ ਹੈ, ਬਹੁਤ ਹੀ ਨਾਕਾਫ਼ੀ ਹੈ ਅਤੇ ਬਹੁਤ ਹੀ ਦੇਰ ਨਾਲ ਚੁੱਕਿਆ ਗਿਆ ਕਦਮ ਹੈ। ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਆਪ ਸਰਕਾਰ ਨੇ ਪੰਜਾਬ ਦੀਆਂ ਔਰਤਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਨੇ ਦੋਸ਼ ਲਾਇਆ ਕਿ ਔਰਤਾਂ ਤੋਂ 1000 ਰੁਪਏ ਮਹੀਨਾਵਾਰ ਸਹਾਇਤਾ ਦਾ ਵਾਅਦਾ ਕਰਕੇ ਵੋਟਾਂ ਲਈਆਂ ਗਈਆਂ, ਲੇਕਿਨ ਹੁਣ ਸਰਕਾਰ ਆਪਣੇ ਕਾਰਜਕਾਲ ਦੇ ਆਖ਼ਰੀ ਪੜਾਅ ਵਿੱਚ ਆ ਕੇ ਇਸ ਯੋਜਨਾ ਦਾ ਐਲਾਨ ਕਰ ਰਹੀ ਹੈ।



ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਔਰਤਾਂ ਨੂੰ ਪੰਜ ਸਾਲਾਂ ਵਿੱਚ 60,000 ਰੁਪਏ ਮਿਲਣੇ ਚਾਹੀਦੇ ਸਨ, ਹੁਣ ਉਨ੍ਹਾਂ ਨੂੰ ਆਪ ਸਰਕਾਰ ਦੇ ਬਾਕੀ ਬਚੇ ਛੇ ਮਹੀਨਿਆਂ ਦੇ ਕਾਰਜਕਾਲ ਦੌਰਾਨ ਸਿਰਫ਼ 6,000 ਰੁਪਏ ਹੀ ਮਿਲਣਗੇ। ਉਨ੍ਹਾਂ ਨੇ ਟਿੱਪਣੀ ਕਰਦਿਆਂ ਕਿਹਾ ਕਿ ਇਹ ਬੇਸ਼ਰਮੀ ਭਰੀ ਧੋਖਾਧੜੀ ਹੈ ਕਿ ਤੁਸੀਂ 60,000 ਰੁਪਏ ਦੇਣ ਦਾ ਵਾਅਦਾ ਕੀਤਾ ਸੀ ਪਰ ਹੁਣ ਸਿਰਫ਼ 6,000 ਰੁਪਏ ਦੇ ਰਹੇ ਹੋ। ਵੜਿੰਗ ਨੇ ਜ਼ੋਰ ਦਿੰਦਿਆਂ, ਕਿਹਾ ਕਿ ਕਾਂਗਰਸ ਪਾਰਟੀ ਪ੍ਰਤੀ ਔਰਤ 54,000 ਰੁਪਏ ਦੇ ਧੋਖੇ ਖ਼ਿਲਾਫ਼ ਆਪ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰੇਗੀ। ਉਨ੍ਹਾਂ ਨੇ ਕਿਹਾ ਕਿ ਜੇਕਰ ਆਪ ਸਰਕਾਰ ਸੱਚਮੁੱਚ ਆਪਣੇ ਵਾਅਦੇ ਪ੍ਰਤੀ ਗੰਭੀਰ ਹੈ, ਤਾਂ ਉਸਨੂੰ ਸੂਬੇ ਦੀ ਹਰ ਔਰਤ ਨੂੰ 54,000 ਰੁਪਏ ਦੀ ਬਕਾਇਆ ਰਕਮ ਅਦਾ ਕਰਨੀ ਚਾਹੀਦੀ ਹੈ।

ਉਨ੍ਹਾਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਜਦੋਂ ਕਾਂਗਰਸ ਦੀ ਸਰਕਾਰ ਬਣੇਗੀ, ਤਾਂ ਉਹ ਇਹ ਯਕੀਨੀ ਬਣਾਏਗੀ ਕਿ ਨਕਦ ਸਹਾਇਤਾ ਸਮੇਤ ਹਰ ਭਲਾਈ ਯੋਜਨਾ ਦਾ ਲਾਭ ਸਰਕਾਰ ਬਣਨ ਦੇ ਪਹਿਲੇ ਦਿਨ ਤੋਂ ਹੀ ਦਿੱਤਾ ਜਾਵੇ।

ਇਸ ਸਬੰਧੀ ਵੜਿੰਗ ਨੇ ਕਰਨਾਟਕ ਅਤੇ ਤੇਲੰਗਾਨਾ ਦੀਆਂ ਕਾਂਗਰਸ ਸਰਕਾਰਾਂ ਦੀ ਉਦਾਹਰਨਾਂ ਦਿੰਦਿਆਂ, ਕਿਹਾ ਕਿ ਉੱਥੇ ਸਰਕਾਰ ਬਣਨ ਦੇ ਪਹਿਲੇ ਸਾਲ ਤੋਂ ਹੀ ਔਰਤਾਂ ਨੂੰ ਨਕਦ ਸਹਾਇਤਾ ਦਿੱਤੀ ਜਾ ਰਹੀ ਹੈ ਅਤੇ ਇਹ ਰਕਮ ਹਰ ਮਹੀਨੇ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਂਦੀ ਹੈ।

# ਪ੍ਰਸ਼ਾਸਨ ਵੱਲੋਂ ਜਨਗਣਨਾ ਸਟਾਫ਼ ਨੂੰ ਸਹਿਯੋਗ ਦੇਣ ਦੀ ਅਪੀਲ

- ਨਿਊਜ਼ਲਾਈਨ ਐਕਸਪ੍ਰੈਸ -

**ਅਬੋਹਰ** - ਅਬੋਹਰ ਇਲਾਕੇ ਵਿੱਚ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਚੱਲ ਰਹੀ "ਡਰੱਗ ਅਤੇ ਸਮਾਜਿਕ-ਆਰਥਿਕ ਜਨਗਣਨਾ 2026" ਦੇ ਸਰਵੇਖਣ ਦੌਰਾਨ ਇੱਕ ਨਾਗਰਿਕ ਵੱਲੋਂ ਗਿਣਤੀਕਾਰ (ਸਟਾਫ਼) ਨਾਲ ਬਦਸਲੂਕੀ ਕਰਨ ਅਤੇ ਸਰਕਾਰੀ ਕੰਮ ਵਿੱਚ ਵਿਘਨ ਪਾਉਣ ਦਾ ਮਾਮਲਾ ਸਾਹਮਣੇ ਆਇਆ ਸੀ।

ਪ੍ਰਸ਼ਾਸਨ ਵੱਲੋਂ ਲਏ ਸਖ਼ਤ ਨੋਟਿਸ ਤੋਂ ਬਾਅਦ ਸਬੰਧਤ ਸ਼ਹਿਰੀ ਨੇ ਐੱਸ.ਡੀ.ਐੱਮ. ਦਫ਼ਤਰ ਵਿਖੇ ਹਾਜ਼ਰ ਹੋ ਕੇ ਆਪਣੀ ਗਲਤੀ ਮੰਨਦੇ ਹੋਏ ਲਿਖਤੀ ਮੁਆਫ਼ੀ ਮੰਗ ਲਈ ਹੈ।

ਕਰਮਚਾਰੀ ਦੇ ਮਾਣ-ਸਤਿਕਾਰ ਨੂੰ ਮੁੱਖ ਰੱਖਦਿਆਂ, ਪ੍ਰਸ਼ਾਸਨ ਵੱਲੋਂ ਭਵਿੱਖ ਵਿੱਚ ਅਜਿਹੀ ਗਲਤੀ ਨਾ ਦੁਹਰਾਉਣ ਦੀ ਚੇਤਾਵਨੀ ਦੇ ਕੇ ਇਸ ਮਾਮਲੇ ਨੂੰ ਖ਼ਤਮ ਕਰ ਦਿੱਤਾ ਗਿਆ ਹੈ।

ਸਟਾਫ਼ ਦਾ ਸਹਿਯੋਗ ਕਰੋ: ਘਰ-ਘਰ ਆਉਣ ਵਾਲੇ ਗਿਣਤੀਕਾਰ ਭਿਆਨਕ ਗਰਮੀ ਵਿੱਚ ਸਰਕਾਰੀ ਡਿਊਟੀ ਨਿਭਾ ਰਹੇ ਹਨ। ਸਮਾਜ ਦੀ ਬਿਹਤਰੀ ਲਈ ਬਣ ਰਹੀਆਂ ਨੀਤੀਆਂ ਵਿੱਚ ਉਨ੍ਹਾਂ ਨੂੰ ਸਹੀ ਜਾਣਕਾਰੀ ਦੇ ਕੇ ਸਹਿਯੋਗ ਕਰੋ।

ਆਈ.ਡੀ. ਕਾਰਡ ਦੀ ਮੰਗ: ਸੁਰੱਖਿਆ ਦੇ ਲਿਹਾਜ਼ ਨਾਲ, ਤੁਸੀਂ ਸਰਵੇਖਣ ਸਟਾਫ਼ ਕੋਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਅਧਿਕਾਰਤ ਪਛਾਣ-ਪੱਤਰ (ID Card) ਮੰਗ ਕੇ ਦੇਖ ਸਕਦੇ ਹੋ।

ਡਾਟਾ ਪੂਰੀ ਤਰ੍ਹਾਂ ਸੁਰੱਖਿਅਤ: ਇਸ ਸਰਵੇਖਣ ਦੌਰਾਨ ਇਕੱਤਰ ਕੀਤਾ ਡਾਟਾ ਪੂਰੀ ਤਰ੍ਹਾਂ ਗੁਪਤ (Confidential) ਰੱਖਿਆ ਜਾਵੇਗਾ, ਇਸ ਲਈ ਬੇਝਿਜਕ ਹੋ ਕੇ ਸਹੀ ਜਾਣਕਾਰੀ ਸਾਂਝੀ ਕਰੋ।

ਕਾਨੂੰਨੀ ਚੇਤਾਵਨੀ: ਔਨ-ਡਿਊਟੀ ਸਟਾਫ਼ ਨਾਲ ਬਦਸਲੂਕੀ ਕਰਨਾ ਜਾਂ ਸਰਕਾਰੀ ਕੰਮ ਰੋਕਣਾ ਗੰਭੀਰ ਕਾਨੂੰਨੀ ਅਪਰਾਧ ਹੈ। ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਪਹਿਲੀ ਵਾਰ ਮੁੱਲਾਂਪੁਰ 'ਚ ਹੋਵੇਗਾ ਟੈਸਟ ਕ੍ਰਿਕਟ ਮੈਚ, ਭਾਰਤ-ਅਫਗਾਨਿਸਤਾਨ ਮੈਚ 6 ਜੂਨ ਤੋਂ ; ਟਿਕਟ 250 ਰੁ: ਤੋਂ ਸ਼ੁਰੂ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ** - ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀਸੀਏ) ਨੇ ਭਾਰਤ ਅਤੇ ਅਫਗਾਨਿਸਤਾਨ ਵਿਚਕਾਰ 6 ਤੋਂ 10 ਜੂਨ ਤੱਕ ਨਿਊ ਚੰਡੀਗੜ੍ਹ ਦੇ ਮੁੱਲਾਂਪੁਰ ਸਟੇਡੀਅਮ ਵਿੱਚ ਹੋਣ ਵਾਲੇ ਟੈਸਟ ਮੈਚ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਹਨ। ਇਹ ਭਾਰਤ ਦਾ 31ਵਾਂ ਅਤੇ ਪੰਜਾਬ ਦਾ ਤੀਜਾ ਟੈਸਟ ਸਥਾਨ ਹੋਵੇਗਾ। ਇਸ ਤੋਂ ਪਹਿਲਾਂ ਮੋਹਾਲੀ ਅਤੇ ਜਲੰਧਰ ਨੇ ਪੰਜਾਬ ਵਿੱਚ ਟੈਸਟ ਮੈਚਾਂ ਦੀ ਮੇਜ਼ਬਾਨੀ ਕੀਤੀ ਹੈ। ਦੂਜੇ ਪਾਸੇ ਟਿਕਟ ਦੀ ਸ਼ੁਰੂਆਤੀ ਕੀਮਤ 250 ਰੁਪਏ ਰੱਖੀ ਗਈ ਹੈ। ਖਾਸ ਗੱਲ ਇਹ ਹੈ ਕਿ ਦਰਸ਼ਕ ਇੱਕ ਟਿਕਟ ਨਾਲ ਟੈਸਟ ਮੈਚ ਦੇ ਸਾਰੇ ਪੰਜ ਦਿਨਾਂ ਦਾ ਆਨੰਦ ਮਾਣ ਸਕਣਗੇ। ਦੋਵੇਂ ਟੀਮਾਂ ਚੰਡੀਗੜ੍ਹ ਪਹੁੰਚ ਚੁੱਕੀਆਂ ਹਨ ਅਤੇ ਮੁੱਲਾਂਪੁਰ ਸਟੇਡੀਅਮ ਵਿੱਚ ਅਭਿਆਸ ਕਰ ਰਹੀਆਂ ਹਨ।



ਪੀਸੀਏ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਟੈਸਟ ਮੈਚ 6 ਤੋਂ 10 ਜੂਨ ਤੱਕ ਖੇਡਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਮੁੱਲਾਂਪੁਰ ਸਟੇਡੀਅਮ ਨੂੰ ਟੈਸਟ ਮੈਚ ਦੀ ਮੇਜ਼ਬਾਨੀ ਕਰਨ ਦਾ ਮਾਣ ਪ੍ਰਾਪਤ ਹੋਇਆ ਹੈ। ਇਹ ਭਾਰਤ ਦਾ 31ਵਾਂ ਅਤੇ ਪੰਜਾਬ ਦਾ ਤੀਜਾ ਟੈਸਟ ਸਥਾਨ ਹੋਵੇਗਾ। ਗੁਰਮੀਤ ਸਿੰਘ ਮੀਤ ਹੇਅਰ ਨੇ ਮਾਪਿਆਂ ਨੂੰ ਵਿਸ਼ੇਸ਼ ਤੌਰ 'ਤੇ ਅਪੀਲ ਕੀਤੀ ਹੈ ਕਿ ਉਹ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਆਪਣੇ ਬੱਚਿਆਂ ਨੂੰ ਅੰਤਰਰਾਸ਼ਟਰੀ ਕ੍ਰਿਕਟ ਦਾ ਅਨੁਭਵ ਕਰਨ ਲਈ ਸਟੇਡੀਅਮ ਵਿੱਚ ਲਿਆਉਣ। ਇਸ ਨਾਲ ਉਨ੍ਹਾਂ ਨੂੰ ਆਪਣੇ ਮਨਪਸੰਦ ਖਿਡਾਰੀਆਂ ਨੂੰ ਖੇਡਦੇ ਦੇਕਣ ਦਾ ਮੌਕਾ ਮਿਲੇਗਾ। ਮੈਚਾਂ ਲਈ ਟਿਕਟਾਂ ਦੀਆਂ ਕੀਮਤਾਂ 250 ਰੁਪਏ ਤੋਂ ਸ਼ੁਰੂ ਹੋਣਗੀਆਂ। ਇੱਕ ਟਿਕਟ ਨਾਲ ਦਰਸ਼ਕ ਪੰਜਾਂ ਦਿਨਾਂ ਲਈ ਮੈਚ ਦੇਖ ਸਕਣਗੇ। ਉਹ ਪੂਰੇ ਦਿਨ ਲਈ ਜਾਂ ਜੇ ਉਹ ਚਾਹੁਣ ਤਾਂ ਇੱਕ ਖਾਸ ਸੈਸ਼ਨ ਦੌਰਾਨ ਵੀ ਸਟੇਡੀਅਮ ਪਹੁੰਚ ਸਕਦੇ ਹਨ। ਪੰਜਾਬ ਦੇ ਸਟਾਰ ਬੱਲੇਬਾਜ਼ ਸ਼ੁਭਮਨ ਗਿੱਲ ਭਾਰਤੀ ਟੈਸਟ ਟੀਮ ਦੀ ਕਪਤਾਨੀ ਕਰਨਗੇ, ਜਦੋਂ ਕਿ ਗੁਰਨੂਰ ਬਰਾੜ, ਜੋ ਕਿ ਪੰਜਾਬ ਤੋਂ ਹੀ ਹਨ, ਵੀ ਟੀਮ ਦਾ ਹਿੱਸਾ ਹਨ। ਕ੍ਰਿਕਟ ਪ੍ਰਸ਼ੰਸਕਾਂ ਨੂੰ ਭਾਰਤੀ ਟੀਮ ਅਤੇ ਪੰਜਾਬ ਦੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਵੱਡੀ ਗਿਣਤੀ ਵਿੱਚ ਸਟੇਡੀਅਮ ਵਿੱਚ ਆਉਣ ਦੀ ਅਪੀਲ ਕੀਤੀ ਗਈ ਹੈ।

# ਓਬੀਸੀ ਫੈਡਰੇਸ਼ਨ ਨੇ ਸੁਖਬੀਰ ਬਾਦਲ ਕੋਲੋਂ ਭੱਟੀ ਨੂੰ ਪਟਿਆਲਾ ਸ਼ਹਿਰੀ ਤੋਂ ਉਮੀਦਵਾਰ ਬਣਾਉਣ ਦੀ ਕੀਤੀ ਮੰਗ

## ਓਬੀਸੀ ਵਰਗ ਨੂੰ ਬਣਦਾ 27 ਫੀਸਦੀ ਰਾਖਵਾਂਕਰਨ ਮਿਲੇ : ਹਰਦਿਆਲ ਸਿੰਘ ਭੱਟੀ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ** - ਓਬੀਸੀ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਬਲਵਿੰਦਰ ਸਿੰਘ ਮੁਲਤਾਨੀ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕਰਕੇ ਮੰਗ ਕੀਤੀ ਕਿ ਪਿੱਛੜੇ ਵਰਗਾਂ ਦੇ ਹੱਕਾਂ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਸ਼੍ਰੋਮਣੀ ਅਕਾਲੀ ਦਲ ਬੀ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਹਰਦਿਆਲ ਸਿੰਘ ਭੱਟੀ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਟਿਆਲਾ ਸ਼ਹਿਰੀ ਹਲਕੇ ਤੋਂ ਪਾਰਟੀ ਦਾ ਉਮੀਦਵਾਰ ਐਲਾਨਿਆ ਜਾਵੇ।

ਵਫ਼ਦ ਨੇ ਕਿਹਾ ਕਿ ਭੱਟੀ ਨੇ ਓਬੀਸੀ ਵਰਗ, ਸਮਾਜਿਕ ਨਿਆਂ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਲਈ ਨਿਰੰਤਰ ਆਵਾਜ਼ ਬੁਲੰਦ ਕੀਤੀ ਹੈ, ਜਿਸ ਕਾਰਨ ਉਹ ਹਲਕੇ ਦੀ ਨੁਮਾਇੰਦਗੀ ਲਈ ਇੱਕ ਯੋਗ, ਤਜਰਬੇਕਾਰ ਅਤੇ ਮਜ਼ਬੂਤ ਉਮੀਦਵਾਰ ਹਨ।



ਇਸ ਮੌਕੇ ਹਰਦਿਆਲ ਸਿੰਘ ਭੱਟੀ ਨੇ ਕਿਹਾ ਕਿ ਪੰਜਾਬ ਵਿੱਚ 74 ਤੋਂ ਵੱਧ ਪਿੱਛੜੀਆਂ ਜਾਤੀਆਂ ਅਤੇ ਭਾਈਚਾਰੇ ਬੈਕਵਰਡ ਕਲਾਸ (ਓਬੀਸੀ) ਸੂਚੀ ਵਿੱਚ ਸ਼ਾਮਲ ਹਨ, ਪਰ ਉਨ੍ਹਾਂ ਨੂੰ ਉਨ੍ਹਾਂ ਦੀ ਆਬਾਦੀ ਦੇ ਅਨੁਪਾਤ ਅਨੁਸਾਰ ਬਣਦੇ ਹੱਕ ਨਹੀਂ ਮਿਲ ਰਹੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਐਲਾਨਨਾਮਾ-2024 ਵਿੱਚ ਵੀ ਓਬੀਸੀ ਵਰਗ ਨੂੰ ਘੱਟੋ-ਘੱਟ 27 ਫੀਸਦੀ ਪ੍ਰਤੀਨਿਧਤਾ ਅਤੇ ਰਾਖਵਾਂਕਰਨ ਦੇਣ ਦੀ ਹਿਮਾਇਤ ਕੀਤੀ ਗਈ ਹੈ। ਭੱਟੀ ਨੇ ਦੱਸਿਆ ਕਿ ਰਾਸ਼ਟਰੀ ਪਿੱਛੜਾ ਵਰਗ ਆਯੋਗ (ਐਨਸੀਬੀਸੀ) ਵੱਲੋਂ ਪੰਜਾਬ ਸਰਕਾਰ ਨੂੰ ਭੇਜੇ ਗਏ ਪੱਤਰ ਅਨੁਸਾਰ ਇਸ ਸਮੇਂ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਵਿੱਚ ਅਨੁਸੂਚਿਤ ਜਾਤੀਆਂ ਲਈ 25 ਫੀਸਦੀ ਅਤੇ ਓਬੀਸੀ ਵਰਗ ਲਈ 12 ਫੀਸਦੀ ਰਾਖਵਾਂਕਰਨ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਇੰਦਰਾ ਸਾਹਨੀ ਫ਼ੈਸਲੇ ਅਨੁਸਾਰ ਰਾਖਵਾਂਕਰਨ ਦੀ ਸੀਮਾ 50 ਫੀਸਦੀ ਤੱਕ ਹੋ ਸਕਦੀ ਹੈ, ਜਿਸ ਕਾਰਨ ਓਬੀਸੀ ਵਰਗ ਲਈ ਹੋਰ ਰਾਖਵਾਂਕਰਨ ਵਧਾਉਣ ਦੀ ਗੁੰਜਾਇਸ਼ ਮੌਜੂਦ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਵਿੱਚ ਵੀ ਓਬੀਸੀ ਵਰਗ ਨੂੰ ਉਨ੍ਹਾਂ ਦੀ ਆਬਾਦੀ ਦੇ ਮੁਕਾਬਲੇ ਘੱਟ ਰਾਖਵਾਂਕਰਨ ਮਿਲ ਰਿਹਾ ਹੈ। ਇਸ ਲਈ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਪਿੱਛੜੇ ਵਰਗਾਂ ਨੂੰ ਬਣਦੇ ਹੱਕ ਦੇਣ ਲਈ ਰਾਖਵਾਂਕਰਨ ਦੀ ਪ੍ਰਤੀਸ਼ਤਤਾ ਵਿੱਚ ਵਾਧਾ ਕਰੇ ਅਤੇ ਲੰਬਿਤ ਮੰਗਾਂ ਦਾ ਜਲਦ ਹੱਲ ਕਰੇ।

ਇਸ ਦੌਰਾਨ ਓਬੀਸੀ ਫੈਡਰੇਸ਼ਨ ਪੰਜਾਬ ਵੱਲੋਂ ਹਰਦਿਆਲ ਸਿੰਘ ਭੱਟੀ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਬਲਵਿੰਦਰ ਸਿੰਘ ਮੁਲਤਾਨੀ ਨੇ ਕਿਹਾ ਕਿ ਭੱਟੀ ਲੰਬੇ ਸਮੇਂ ਤੋਂ ਓਬੀਸੀ ਵਰਗ ਦੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਸਮਾਜ ਲਈ ਪ੍ਰੇਰਨਾ ਸਰੋਤ ਹਨ।

ਸਨਮਾਨ ਪ੍ਰਾਪਤ ਕਰਨ ਉਪਰੰਤ ਹਰਦਿਆਲ ਸਿੰਘ ਭੱਟੀ ਨੇ ਓਬੀਸੀ ਫੈਡਰੇਸ਼ਨ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿੱਛੜੇ ਵਰਗਾਂ ਦੇ ਹੱਕਾਂ, ਸਮਾਜਿਕ ਨਿਆਂ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਆਪਣਾ ਸੰਘਰਸ਼ ਲਗਾਤਾਰ ਜਾਰੀ

# ਸੇਵਾਮੁਕਤ ਆਈਏਐਸ ਅਧਿਕਾਰੀ ਸੰਜੇ ਗੁਪਤਾ ਨੇ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ

- ਨਿਊਜ਼ਲਾਈਨ ਐਕਸਪ੍ਰੈਸ -

**ਚੰਡੀਗੜ੍ਹ/ਮੋਹਾਲੀ** - ਸੇਵਾ ਮੁਕਤ ਆਈਏਐਸ ਅਧਿਕਾਰੀ ਸ੍ਰੀ ਸੰਜੇ ਗੁਪਤਾ ਨੇ ਅੱਜ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ (ਪੀ.ਐਸ.ਈ.ਆਰ.ਸੀ.) ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ। ਪੰਜਾਬ ਦੇ ਬਿਜਲੀ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਵਿਕਾਸ ਭਵਨ, ਮੋਹਾਲੀ ਵਿਖੇ ਸ੍ਰੀ ਸੰਜੇ ਗੁਪਤਾ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਸ੍ਰੀ ਗੁਪਤਾ 1988 ਬੈਚ ਦੇ ਸੇਵਾਮੁਕਤ ਆਈਏਐਸ ਅਧਿਕਾਰੀ ਰਹੇ ਹਨ, ਜਿਨ੍ਹਾਂ ਨੇ ਹਿਮਾਚਲ ਪ੍ਰਦੇਸ਼ ਦੇ ਮੁੱਖ ਸਕੱਤਰ ਅਤੇ ਕਈ ਹੋਰ ਪ੍ਰਮੁੱਖ ਅਹੁਦਿਆਂ 'ਤੇ ਵੀ ਸੇਵਾ ਨਿਭਾਈ ਹੈ। ਸ੍ਰੀ ਗੁਪਤਾ ਨੂੰ ਵੱਕਾਰੀ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੰਦਿਆਂ ਬਿਜਲੀ ਮੰਤਰੀ ਸ. ਸੌਂਦ ਨੇ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦਾ ਵਿਸ਼ਾਲ ਪ੍ਰਸ਼ਾਸਕੀ ਤਜਰਬਾ ਅਤੇ ਸ਼ਾਸਨ ਦੀ ਡੂੰਘੀ ਸਮਝ ਪੰਜਾਬ ਵਿੱਚ ਬਿਜਲੀ ਸੈਕਟਰ ਦੇ ਰੈਗੂਲੇਟਰੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਪਾਰਦਰਸ਼ੀ, ਖਪਤਕਾਰ-ਅਨੁਕੂਲ ਅਤੇ ਕੁਸ਼ਲ ਢੰਗ ਨਾਲ ਬਿਜਲੀ ਰੈਗੂਲੇਸ਼ਨ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਇਨ੍ਹਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਕਮਿਸ਼ਨ ਦੀ ਭੂਮਿਕਾ ਵਧੇਰੇ ਮਹੱਤਵਪੂਰਨ ਹੈ।

ਇਸ ਮੌਕੇ ਨਵ-ਨਿਯੁਕਤ ਚੇਅਰਪਰਸਨ ਸੰਜੇ ਗੁਪਤਾ ਨੇ ਉਨ੍ਹਾਂ ਵਿੱਚ ਵਿਸ਼ਵਾਸ ਜਤਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਕਮਿਸ਼ਨ, ਬਿਜਲੀ ਐਕਟ 2003 ਦੇ ਉਪਬੰਧਾਂ ਅਨੁਸਾਰ ਕੰਮ ਕਰਨਾ ਜਾਰੀ ਰੱਖੇਗਾ ਅਤੇ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਬਿਜਲੀ ਖੇਤਰ ਦੇ ਸਮੁੱਚੇ ਵਿਕਾਸ ਨੂੰ ਉਤਸ਼ਾਹਿਤ ਕਰੇਗਾ।

ਸ੍ਰੀ ਗੁਪਤਾ ਨੇ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਲਈ ਕੰਮ ਕਰਨਗੇ ਕਿ ਜਿੰਨਾ ਸੰਭਵ ਹੋ ਸਕੇ ਬਿਜਲੀ ਕੱਟ ਘੱਟ ਤੋਂ ਘੱਟ ਲੱਗਣ ਅਤੇ ਖਪਤਕਾਰਾਂ ਲਈ ਗੁਣਵੱਤਾ ਵਾਲੀ ਬਿਜਲੀ ਉਪਲੱਬਧ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਟਰਾਂਸਮਿਸ਼ਨ ਲੌਸਿਜ਼ ਨੂੰ ਕੰਟਰੋਲ ਅਤੇ ਮੁੱਦਿਆਂ ਨੂੰ ਹੱਲ ਕਰਕੇ ਲੋੜੀਂਦੇ ਨਤੀਜੇ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਮੌਕੇ ਪੀ.ਐਸ.ਪੀ.ਸੀ.ਐਲ. ਦੇ ਸੀਐਮਡੀ ਡਾ. ਬਸੰਤ ਗਰਗ, ਮੈਂਬਰ ਪੀ.ਐਸ.ਈ.ਆਰ.ਸੀ. ਰਵਿੰਦਰ ਸਿੰਘ ਸੈਣੀ ਅਤੇ ਰਵੀ ਕੁਮਾਰ, ਡਾਇਰੈਕਟਰ ਡਿਸਟ੍ਰੀਬਿਊਸ਼ਨ ਇੰਦਰਪਾਲ ਸਿੰਘ ਸਮੇਤ ਬਿਜਲੀ ਵਿਭਾਗ, ਪੀ.ਐਸ.ਈ. ਆਰ.ਸੀ. ਦੇ ਹੋਰ ਸੀਨੀਅਰ ਅਧਿਕਾਰੀ, ਨਵ-ਨਿਯੁਕਤ ਚੇਅਰਪਰਸਨ ਦੇ ਪਰਿਵਾਰਕ ਮੈਂਬਰ ਅਤੇ ਹੋਰ ਪਤਵੰਤੇ ਮੌਜੂਦ ਸਨ।

# ਸਨੌਰ ਰੋਡ 'ਤੇ ਪੀ.ਆਰ.ਟੀ.ਸੀ. ਦੀ ਇੱਕ ਬੱਸ ਨਾਲ ਜੁੜੇ ਹਾਦਸੇ ਵਿੱਚ ਇੱਕ ਔਰਤ ਦੀ ਮੌਤ

- ਨਿਊਜ਼ਲਾਈਨ ਐਕਸਪ੍ਰੈਸ - ਪਟਵਾਰੀ

**ਸਨੌਰ** - ਸਨੌਰ ਰੋਡ 'ਤੇ ਪੀ.ਆਰ.ਟੀ.ਸੀ. ਦੀ ਇੱਕ ਬੱਸ ਨਾਲ ਜੁੜੇ ਹਾਦਸੇ ਵਿੱਚ ਇੱਕ ਔਰਤ ਦੀ ਮੌਤ ਹੋਣ ਦਾ ਦੁਖਦਾਈ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਮ੍ਰਿਤਕਾ ਦੇ ਦਿਉਰ ਨੇ ਫੋਨ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮ੍ਰਿਤਕਾ ਬਲਵਿੰਦਰ ਕੌਰ ਉਮਰ 50 ਸਾਲ ਦੇ ਕਰੀਬ ਦਸਿਆ ਜਾ ਰਿਹਾ ਹੈ।

ਰੋਜ਼ਾਨਾ ਦੀ ਤਰ੍ਹਾਂ ਅੱਜ ਵੀ ਸਰਕਾਰੀ ਬੱਸ ਰਾਹੀਂ ਆਪਣੇ ਸਕੂਲ ਵਿੱਚ ਡਿਊਟੀ ਲਈ ਜਾ ਰਹੀ ਸੀ। ਉਨ੍ਹਾਂ ਦਾ ਦੋਸ਼ ਲਗਾਇਆ ਕਿ ਜਦੋਂ ਬਲਵਿੰਦਰ ਕੌਰ ਬੱਸ ਵਿੱਚੋਂ ਉਤਰਨ ਲੱਗੀ ਤਾਂ ਇਸ ਦੌਰਾਨ ਬੱਸ ਚਾਲਕ ਵੱਲੋਂ ਬੱਸ ਅੱਗੇ ਵਧਾ ਲਈ ਗਈ, ਜਿਸ ਕਾਰਨ ਉਹ ਸੰਤੁਲਨ ਗੁਆ ਕੇ ਸੜਕ 'ਤੇ ਡਿੱਗ ਗਈ ਅਤੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ।

ਪਰਿਵਾਰਕ ਮੈਂਬਰਾਂ ਅਨੁਸਾਰ ਹਾਦਸੇ ਤੋਂ ਬਾਅਦ ਬੱਸ ਮੁਲਾਜ਼ਮਾਂ ਵੱਲੋਂ ਉਨ੍ਹਾਂ ਨੂੰ ਇਲਾਜ ਲਈ ਨੇੜਲੇ ਇੱਕ ਨਿੱਜੀ ਹਸਪਤਾਲ ਵਿੱਚ ਲਿਜਾਇਆ ਗਿਆ। ਉਥੋਂ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਸਰਕਾਰੀ ਰਜਿੰਦਰਾ ਹਸਪਤਾਲ, ਪਟਿਆਲਾ ਲੈਕੇ ਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।

ਇਸ ਸਬੰਧੀ ਬਸ ਦੇ ਡਰਾਈਵਰ ਨਾਲ ਗੱਲਬਾਤ ਕਰਦਿਆ ਕਿਹਾ ਕਿ ਸਾਰੇ ਦੋਸ਼ ਬੇਬੁਨਿਆਦ ਹਨ। ਮਾਮਲੇ ਸਬੰਧੀ ਡੀ ਐਸ ਪੀ ਰਣਬੀਰ ਸਿੰਘ ਨੇ ਕਿਹਾ ਕਿ ਜਾਂਚ ਕੀਤੀ ਜਾ ਰਹੀ ਹੈ ਅਤੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਐਵਰੈਸਟ ਫ਼ਤਿਹ ਕਰਨ ਵਾਲੇ ਪਹਿਲੇ ਕੈਨੇਡੀਅਨ ਸਿੱਖ ਅਜੈਪਾਲ ਸਿੰਘ ਦਾ ਬਾਬਾ ਬਲਬੀਰ ਸਿੰਘ ਵੱਲੋਂ ਸਨਮਾਨ

- ਨਿਊਜ਼ਲਾਈਨ ਐਕਸਪ੍ਰੈਸ -

ਸ੍ਰੀ ਅੰਮ੍ਰਿਤਸਰ- ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਐਵਰੈਸਟ ਫ਼ਤਿਹ ਕਰਨ ਵਾਲੇ ਪਹਿਲੇ ਕੈਨੇਡੀਅਨ ਸਿੱਖ ਅਤੇ ਸਰੀ (ਕੈਨੇਡਾ) ਨਿਵਾਸੀ ਪੰਜਾਬੀ ਵਕੀਲ, ਜੰਮਪਲ ਪਿੰਡ ਕਾਸਮ ਭੱਟੀ (ਜ਼ਿਲ੍ਹਾ ਫ਼ਰੀਦਕੋਟ) ਦੇ ਸ. ਅਜੈਪਾਲ ਸਿੰਘ ਧਾਲੀਵਾਲ ਨੂੰ ਸਿਰੋਪਾਓ, ਦੋਸ਼ਾਲਾ ਅਤੇ ਸ੍ਰੀ ਸਾਹਿਬ ਭੇਟ ਕਰਕੇ ਸਨਮਾਨਿਤ ਕੀਤਾ।

**ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਹਾਨ ਸੁਨੇਹੇ ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ ਲਿਖੀ ਤਖ਼ਤੀ ਲਹਿਰਾ ਕੇ ਸਿੱਖੀ ਅਤੇ ਪੰਜਾਬੀਅਤ ਦਾ ਸੰਦੇਸ਼ ਪੂਰੀ ਦੁਨੀਆ ਤੱਕ ਪਹੁੰਚਾਇਆ।**



ਇਸ ਮੌਕੇ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਸ. ਅਜੈਪਾਲ ਸਿੰਘ ਧਾਲੀਵਾਲ ਨੇ ਐਵਰੈਸਟ ਦੀ ਚੋਟੀ ਸਰ ਕਰਕੇ ਪੰਜਾਬੀਆਂ ਦਾ ਸਿਰ ਮਾਣ ਨਾਲ ਉੱਚਾ ਕੀਤਾ ਹੈ। ਉਨ੍ਹਾਂ ਦੀ ਇਹ ਕਾਮਯਾਬੀ ਅਸਾਧਾਰਨ ਹਾਲਾਤਾਂ ਵਿੱਚ ਅਟੁੱਟ ਵਿਸ਼ਵਾਸ, ਦ੍ਰਿੜ੍ਹ ਇਰਾਦੇ ਅਤੇ ਜ਼ਿੰਦਾਦਿਲੀ ਦੀ ਬੇਮਿਸਾਲ ਮਿਸਾਲ ਹੈ।

ਉਨ੍ਹਾਂ ਦੱਸਿਆ ਕਿ ਜਦੋਂ ਸ. ਅਜੈਪਾਲ ਸਿੰਘ ਐਵਰੈਸਟ ਦੀ ਚੋਟੀ 'ਤੇ ਪਹੁੰਚੇ ਤਾਂ ਉਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਹਾਨ ਸੁਨੇਹੇ ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ ਲਿਖੀ ਤਖ਼ਤੀ ਲਹਿਰਾ ਕੇ ਸਿੱਖੀ ਅਤੇ ਪੰਜਾਬੀਅਤ ਦਾ ਸੰਦੇਸ਼ ਪੂਰੀ ਦੁਨੀਆ ਤੱਕ ਪਹੁੰਚਾਇਆ।

ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸ. ਅਜੈਪਾਲ ਸਿੰਘ ਧਾਲੀਵਾਲ ਨੂੰ ਭਵਿੱਖ ਲਈ ਵੀ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਕਾਮਯਾਬੀ ਦੇ ਹੋਰ ਵੀ ਲੰਮੇ ਪੈਂਡੇ ਤੈਅ ਕਰਨ ਅਤੇ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣੇ ਰਹਿਣ।